## ਅੱਜ ਦਾ ਸ਼ੁਭ ਵਿਚਾਰ



ਆਪਣਿਆਂ ਦੀਆਂ ਖੁਸ਼ੀਆਂ ਲਈ ਖ਼ੁੱਦ ਅੰਦਰਲਾ ਦਰਦ ਛੁੱਪਾ ਕੇ ਕੋਲੋ ਲੰਘ ਜਾਣਾ ਵਡੱਪਣ ਹੀ ਤਾਂ ਹੁੰਦੈ॥

**ਅਮਨਦੀਪ ਮਹਿਰਾ**

ਰੋਜ਼ਾਨਾ ਲੋਕ ਬਾਣੀ
www.lokbani.com

ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ

ਬੁੱਧਵਾਰ, 05 ਫਰਵਰੀ 2025
Email:- lokbani08@gmail.com

R. N. I. Punpun/29016/2008 * ਸਾਲ 16 , * ਅੰਕ : 232, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111










## ਸ਼ੀ ਜਿਨਪਿੰਗ ਨਾਲ ਗੱਲਬਾਤ ਕਰਨਗੇ ਟਰੰਪ

ਵਾਸ਼ਿੰਗਟਨ, ਲੋਕ ਬਾਣੀ- ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਕੁਝ ਘੰਟਿਆਂ ਬਾਅਦ ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਨਾਲ ਗੱਲਬਾਤ ਕਰਨਗੇ। ਇਸ ਸਬੰਧੀ ਜਾਣਕਾਰੀ ਵਾਲ ਸਟਰੀਟ ਜਰਨਲ ਦੇ ਇਕ ਰਿਪੋਰਟਰ ਨੇ ਐਕਸ 'ਤੇ ਸਾਂਝੀ ਕੀਤੀ ਹੈ। ਉਨ੍ਹਾਂ ਇਸ ਬਾਰੇ ਵ੍ਹਾਈਟ ਹਾਊਸ ਦੇ ਵਪਾਰਕ ਸਲਾਹਕਾਰ ਪੀਟਰ ਨਵਾਰੋ ਦਾ ਹਵਾਲਾ ਦਿੱਤਾ ਹੈ। ਇਸ ਤੋਂ ਇਕ ਦਿਨ ਪਹਿਲਾਂ ਅਮਰੀਕਾ ਦੇ



ਰਾਸ਼ਟਰਪਤੀ ਡੋਨਲਡ ਟਰੰਪ ਨੇ ਚੀਨ ਨੂੰ ਚਿਤਾਵਨੀ ਦਿੱਤੀ ਹੈ

## ਸਵੀਡਨ ਦੇ ਸਕੂਲ 'ਚ ਗੋਲੀਬਾਰੀ; ਸਥਾਨਕ ਮੀਡੀਆ ਅਨੁਸਾਰ ਕਈ ਹਲਾਕ

ਸਟਾਕਹੋਮ ਲੋਕ ਬਾਣੀ- ਸਵੀਡਨ ਦੇ ਇੱਕ ਸਕੂਲ ਵਿੱਚ ਅੱਜ ਗੋਲੀਬਾਰੀ ਹੋਈ ਜਿਸ ਵਿੱਚ ਕਈ ਜਣੇ ਮਾਰੇ ਗਏ। ਇਸ ਜਾਣਕਾਰੀ ਇਥੋਂ ਦੇ ਮੀਡੀਆ ਚੈਨਲਾਂ ਨੇ ਨਸ਼ਰ ਕੀਤੀ ਹੈ। ਦੂਜੇ ਪਾਸੇ ਪੁਲੀਸ ਦੇ ਬੁਲਾਰੇ ਨੇ ਕਿਹਾ ਕਿ ਉਹ ਇਸ ਮਾਮਲੇ 'ਤੇ ਕੋਈ ਟਿੱਪਣੀ ਨਹੀਂ ਕਰਨਗੇ।

ਇਸ ਤੋਂ ਬਾਅਦ ਪੁਲੀਸ ਅਧਿਕਾਰੀ ਨੇ ਕਿਹਾ ਕਿ ਸਵੀਡਨ ਵਿੱਚ ਬਾਲਗਾਂ ਦੇ ਇੱਕ ਸਕੂਲ ਵਿੱਚ ਪੰਜ ਜਣਿਆਂ ਨੂੰ ਗੋਲੀ ਮਾਰ ਦਿੱਤੀ



ਗਈ ਹੈ ਪਰ ਉਨ੍ਹਾਂ ਨੇ ਸਥਾਨਕ ਮੀਡੀਆ ਰਿਪੋਰਟਾਂ 'ਤੇ ਟਿੱਪਣੀ ਕਰਨ ਤੋਂ ਇਨਕਾਰ ਕਰ ਦਿੱਤਾ ਜਿਸ ਵਿਚ ਕਿਹਾ ਜਾ ਰਿਹਾ ਹੈ ਕਿ ਕਈ ਲੋਕ ਮਾਰੇ ਗਏ ਹਨ।

## ਦਿੱਲੀ ਅਸੈਂਬਲੀ ਲਈ ਭਲਕੇ ਬੁੱਧਵਾਰ ਨੂੰ ਪੈਣਗੀਆਂ ਵੋਟਾਂ

ਨਵੀਂ ਦਿੱਲੀ, ਲੋਕ ਬਾਣੀ- -ਦਿੱਲੀ ਅਸੈਂਬਲੀ ਦੀ ਚੋਣ ਲਈ ਬੁੱਧਵਾਰ 5 ਫਰਵਰੀ ਨੂੰ ਵੋਟਾਂ ਪੈਣਗੀਆਂ। ਚੋਣ ਕਮਿਸ਼ਨ ਵੱਲੋਂ ਵੋਟਿੰਗ ਲਈ ਸਖ਼ਤ ਸੁਰੱਖਿਆ ਬੰਦੋਬਸਤ ਕੀਤੇ ਗਏ ਹਨ। ਕੌਮੀ ਰਾਜਧਾਨੀ ਦਿੱਲੀ ਦੇ 70 ਵਿਧਾਨ ਸਭਾ ਹਲਕਿਆਂ ਵਿੱਚ ਆਮ ਆਦਮੀ ਪਾਰਟੀ, ਭਾਜਪਾ ਅਤੇ ਕਾਂਗਰਸ ਵੱਲੋਂ ਉਮੀਦਵਾਰ ਖੜ੍ਹੇ ਕੀਤੇ ਗਏ ਹਨ। ਦਿੱਲੀ ਦੇ 1.56 ਕਰੋੜ ਵੋਟਰ ਆਜ਼ਾਦ ਅਤੇ ਹੋਰ



ਸਥਾਨਕ ਪਾਰਟੀਆਂ ਦੇ ਉਮੀਦਵਾਰਾਂ ਸਮੇਤ ਕੁੱਲ 699 ਉਮੀਦਵਾਰਾਂ ਦੀ ਕਿਸਮਤ ਦਾ ਫ਼ੈਸਲਾ ਕਰਨਗੇ।

## ਡਿਪੋਰਟ ਕੀਤੇ ਗਏ ਭਾਰਤੀ ਪਰਵਾਸੀਆਂ ਦਾ ਅਪਰਾਧਿਕ ਰਿਕਾਰਡ ਜਾਂਚਿਆ ਜਾਵੇਗਾ: ਡੀਜੀਪੀ

ਚੰਡੀਗੜ੍ਹ, ਲੋਕ ਬਾਣੀ- ਪੰਜਾਬ ਪੁਲੀਸ ਦੇ ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਅਮਰੀਕਾ ਤੋਂ ਡਿਪੋਰਟ ਕੀਤੇ ਗਏ ਗੈਰਕਾਨੂੰਨੀ ਭਾਰਤੀ ਪਰਵਾਸੀਆਂ ਨਾਲ ਪੰਜਾਬ ਸਰਕਾਰ ਤੇ ਪੁਲੀਸ ਨਰਮੀ ਨਾਲ ਪੇਸ਼ ਆਵੇਗੀ ਤੇ ਦੋਸਤਾਨਾ ਰਵੱਈਆ ਰੱਖੇਗੀ ਪਰ ਪੁਲੀਸ ਵਲੋਂ ਉਨ੍ਹਾਂ ਦਾ ਅਪਰਾਧਿਕ ਰਿਕਾਰਡ ਜਾਂਚਿਆ ਜਾਵੇਗਾ ਤੇ ਉਸ ਅਨੁਸਾਰ ਹੀ ਅਗਲੀ ਕਾਰਵਾਈ ਕੀਤੀ ਜਾਵੇਗੀ। ਇਨ੍ਹਾਂ ਪਰਵਾਸੀਆਂ ਦੇ ਭਲਕੇ ਅੰਮ੍ਰਿਤਸਰ ਆਉਣ ਦੀ ਸੰਭਾਵਨਾ ਹੈ। ਇਨ੍ਹਾਂ



ਗੈਰਕਾਨੂੰਨੀ ਭਾਰਤੀ ਪਰਵਾਸੀਆਂ ਨੂੰ ਲੈ ਕੇ ਅਮਰੀਕੀ ਫੌਜੀ ਮਾਲਵਾਹਕ ਜਹਾਜ਼ ਭਾਰਤ ਲਈ ਰਵਾਨਾ ਹੋ ਚੁੱਕਾ ਹੈ।

## ਹਰਿਆਣਾ ਵਿਚ ਨਿਗਮ, ਕੌਂਸਲ ਤੇ ਮਿਊਂਸਿਪਲ ਕਮੇਟੀ ਚੋਣਾਂ ਦਾ ਐਲਾਨ


ਚੰਡੀਗੜ੍ਹ, ਲੋਕ ਬਾਣੀ- ਹਰਿਆਣਾ ਦੇ ਸੂਬਾਈ ਚੋਣ ਕਮਿਸ਼ਨਰ ਧਨਪਤ ਸਿੰਘ ਨੇ 8 ਨਗਰ ਨਿਗਮਾਂ, ਚਾਰ ਨਗਰ ਕੌਂਸਲਾਂ ਅਤੇ 21 ਮਿਊਂਸਿਪਲ ਕਮੇਟੀਆਂ ਲਈ ਸਥਾਨਕ ਚੋਣਾਂ ਦਾ ਐਲਾਨ ਕੀਤਾ ਹੈ। ਚੋਣਾਂ ਦੇ ਐਲਾਨ ਨਾਲ ਇਨ੍ਹਾਂ ਸਥਾਨਕ ਸੰਸਥਾਵਾਂ ਦੇ ਅਧਿਕਾਰ ਖੇਤਰ ਵਿੱਚ ਆਦਰਸ਼ ਚੋਣ ਜ਼ਾਬਤਾ ਲਾਗੂ ਹੋ ਗਿਆ ਹੈ। ਫ਼ਰੀਦਾਬਾਦ, ਗੁਰੂਗ੍ਰਾਮ, ਮਾਨੇਸਰ, ਹਿਸਾਰ, ਕਰਨਾਲ, ਰੋਹਤਕ ਅਤੇ ਯਮੁਨਾਨਗਰ ਨਗਰ ਨਿਗਮਾਂ ਅਤੇ ਚਾਰ



ਨਗਰ ਕੌਂਸਲਾਂ ਅੰਬਾਲਾ ਸਦਰ, ਪਟੌਦੀ ਜਟੌਲੀ ਮੰਡੀ, ਥਾਨੇਸਰ ਅਤੇ ਸਿਰਸਾ ਲਈ 2 ਮਾਰਚ ਨੂੰ ਵੋਟਾਂ ਪੈਣਗੀਆਂ।

## ਦੋ ਹਜ਼ਾਰ ਨਸ਼ੀਲੀਆਂ ਗੋਲੀਆਂ ਸਮੇਤ ਕਾਬੂ

ਲਹਿਰਾਗਾਗਾ, ਲੋਕ ਬਾਣੀ-- ਧਰਮਗੜ੍ਹ ਪੁਲੀਸ ਨੇ ਗਸ਼ਤ ਦੌਰਾਨ ਇੱਕ ਸ਼ੱਕੀ ਵਿਅਕਤੀ ਨੂੰ ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕੀਤਾ ਹੈ। ਥਾਣੇਦਾਰ ਦਰਸ਼ਨ ਸਿੰਘ ਨੇ ਦੱਸਿਆ ਕਿ ਪੁਲੀਸ ਪਾਰਟੀ ਨੇ ਗਸ਼ਤ ਦੌਰਾਨ ਇਕ ਸ਼ੱਕੀ ਵਿਅਕਤੀ ਨੂੰ ਕਾਬੂ ਕੀਤਾ, ਜਿਸ ਦੀ ਪਛਾਣ ਗੁਰਪਿਆਰ ਸਿੰਘ ਚਿੱਟਾ ਵਾਸੀ ਤੋਲਾਵਾਲ ਵਜੋਂ ਹੋਈ। ਪੁਲੀਸ ਨੇ ਤਲਾਸ਼ੀ ਦੌਰਾਨ ਮੁਲਜ਼ਮ ਕੋਲੋਂ ਦੋ ਹਜ਼ਾਰ ਨਸ਼ੀਲੀਆਂ ਗੋਲੀਆਂ ਬਰਾਮਦ ਕਰਕੇ ਅਗਲੀ ਕਾਰਵਾਈ



ਸ਼ੁਰੂ ਕਰ ਦਿੱਤੀ ਹੈ। ਪੁਲੀਸ ਅਧਿਕਾਰੀ ਨੇ ਕਿਹਾ ਕਿ ਨਸ਼ਾ ਤਸਕਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਮੁਲਜ਼ਮ ਦਾ ਪੁਲੀਸ ਰਿਮਾਂਡ ਲੈ ਕੇ ਪੁੱਛ-ਪੜਤਾਲ ਕੀਤੀ ਜਾਵੇਗੀ।

## ਨਸ਼ੀਲੀਆਂ ਗੋਲੀਆਂ ਸਮੇਤ ਤਿੰਨ ਗ੍ਰਿਫ਼ਤਾਰ

ਜਲੰਧਰ ਲੋਕ ਬਾਣੀ - ਦਿਹਾਤੀ ਪੁਲੀਸ ਨੇ ਵੱਖ-ਵੱਖ ਮਾਮਲਿਆਂ ਵਿੱਚ ਦੋ ਨਸ਼ੀਲੇ ਪਦਾਰਥਾਂ ਦੇ ਤਸਕਰਾਂ ਸਮੇਤ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਚੋਰੀ ਕੀਤੇ ਵਾਹਨ ਅਤੇ ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਹਨ।ਵਾਹਨ ਚੋਰੀ ਦੇ ਮਾਮਲੇ ਵਿੱਚ ਮੁਲਜ਼ਮ ਦੀ ਪਛਾਣ ਗੁਰਪ੍ਰੀਤ ਸਿੰਘ ਵਾਸੀ ਐਨ. ਏ.-97 ਮੰਦਰ ਵਾਲੀ ਸਟਰੀਟ, ਮੁਹੱਲਾ ਕਿਸ਼ਨਪੁਰਾ, ਜਲੰਧਰ ਵਜੋਂ ਹੋਈ ਹੈ। ਨਸ਼ੀਲੀਆਂ ਗੋਲੀਆਂ ਦੀ ਬਰਾਮਦਗੀ ਸਬੰਧੀ ਕੁਲਬੀਰ ਉਰਫ਼ ਬੀਰੂ ਵਾਸੀ



ਹੀਰਾਪੁਰ, ਥਾਣਾ ਮਕਸੂਦਾ, ਜਲੰਧਰ ਤੇ ਜਗਤਾਰ ਸਿੰਘ ਉਰਫ ਜੱਗਾ ਵਾਸੀ ਲਿੱਟਾ ਜ਼ਿਲ੍ਹਾ ਕਪੂਰਥਲਾ ਨੂੰ ਨਾਮਜ਼ਦ ਕੀਤਾ ਗਿਆ ਹੈ। ਇਹ ਜਾਣਕਾਰੀ ਐਸਐਸਪੀ ਖੱਖ ਨੇ ਦਿੱਤੀ।

## ਪੁਲੀਸ ਚੌਕੀ ਨੇੜੇ ਧਮਾਕਾ

ਅੰਮ੍ਰਿਤਸਰ, ਲੋਕ ਬਾਣੀ- ਫਤਿਹਗੜ੍ਹ ਚੂੜੀਆਂ ਬਾਈਪਾਸ ਰੋਡ ਪੁਲੀਸ ਚੌਕੀ ਦੇ ਨੇੜੇ ਅੱਜ ਸ਼ਾਮ ਧਮਾਕਾ ਹੋਇਆ। ਇਸ ਹਮਲੇ ਨਾਲ ਕੋਈ ਜਾਨੀ-ਮਾਲੀ ਨੁਕਸਾਨ ਨਹੀਂ ਹੋਇਆ। ਦੂਜੇ ਪਾਸੇ ਪੁਲੀਸ ਮੁਲਾਜ਼ਮਾਂ ਨੇ ਧਮਾਕਾ ਹੋਣ ਤੋਂ ਬਾਅਦ ਚੌਕੀ ਦਾ ਗੇਟ ਅੰਦਰੋਂ ਬੰਦ ਕਰ ਲਿਆ ਅਤੇ ਕੋਈ ਵੀ ਜਾਣਕਾਰੀ ਦੇਣ ਤੋਂ ਇਨਕਾਰ ਕਰ ਦਿੱਤਾ। ਪੁਲੀਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਤੇ ਹੋਰ ਪੁਲੀਸ ਅਧਿਕਾਰੀਆਂ ਨੇ ਮੌਕੇ ਦਾ ਜਾਇਜ਼ਾ ਲਿਆ। ਉਨ੍ਹਾਂ ਫਿਲਹਾਲ ਇਸ ਧਮਾਕੇ ਨੂੰ ਗ੍ਰਨੇਡ ਧਮਾਕਾ ਮੰਨਣ ਤੋਂ ਇਨਕਾਰ ਕਰਦਿਆਂ ਕਿਹਾ ਕਿ ਇਸ ਮਾਮਲੇ ਦੀ ਜਾਂਚ



ਕੀਤੀ ਜਾ ਰਹੀ ਹੈ। ਉਨ੍ਹਾਂ ਧਮਾਕੇ ਦੀ ਪੁਸ਼ਟੀ ਕਰਦਿਆਂ ਕਿਹਾ ਕਿ ਇਸ ਧਮਾਕੇ ਨੂੰ ਗ੍ਰਨੇਡ ਧਮਾਕਾ ਨਹੀਂ ਕਿਹਾ ਜਾ ਸਕਦਾ, ਇਸ ਸਬੰਧੀ ਪੁਲੀਸ ਜਾਂਚ ਕਰ ਰਹੀ ਹੈ ਤੇ ਫੋਰੈਂਸਿਕ ਤੇ ਹੋਰ ਮਾਹਰਾਂ ਨੂੰ ਸੱਦਿਆ ਗਿਆ ਹੈ।





ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

# ਕੈਬਨਿਟ ਮੰਤਰੀ ਧਾਲੀਵਾਲ ਨੇ ਜਨਤਾ ਦਰਬਾਰ ਲਗਾ ਕੇ ਲੋਕਾਂ ਦੀਆਂ ਸੁਣੀਆਂ ਮੁਸ਼ਕਲਾਂ ਅਧਿਕਾਰੀਆਂ ਨੂੰ ਮੌਕੇ ਤੇ ਹੀ ਮੁਸ਼ਕਲਾਂ ਹੱਲ ਕਰਨ ਦੇ ਦਿੱਤੇ ਨਿਰਦੇਸ਼

ਅੰਮ੍ਰਿਤਸਰ, (ਲੋਕ ਬਾਣੀ)
ਕੈਬਨਿਟ ਮੰਤਰੀ ਸ੍ਰ ਕੁਲਦੀਪ ਸਿੰਘ ਧਾਲੀਵਾਲ ਨੇ ਅੱਜ ਅਜਨਾਲਾ ਵਿਖੇ ਆਪਣੇ ਦਫਤਰ ਵਿੱਚ ਲਗਾਏ ਗਏ ਜਨਤਾ ਦਰਬਾਰ ਦੌਰਾਨ ਲੋਕਾਂ ਦੀਆਂ ਮ□ਸਕਲਾਂ ਨੂੰ ਸੁਣਿਆ ਅਤੇ ਮੌਕੇ ਤੇ ਹੀ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਇਨ੍ਹਾਂ ਦੀਆਂ ਮੁਸ਼ਕਲਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਇਸ ਕੈਂਪ ਦਾ ਮੁੱਖ ਉਦੇਸ਼ ਲੋਕਾਂ ਦੀਆਂ ਮੁਸਕਲਾਂ ਦਾ ਮੌਕੇ ਤੇ ਹੱਲ ਕਰਨਾ ਹੈ ਤਾਂ ਜੋ ਲੋਕਾਂ ਨੂੰ ਸਰਕਾਰੀ ਦਫਤਰਾਂ ਦੇ ਚੱਕਰ ਨਾ ਮਾਰਨੇ ਪੈਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀਆਂ ਸਪਸ਼ਟ ਹਦਾਇਤਾਂ ਹਨ ਕਿ ਸਾਰੇ ਮੰਤਰੀ ਅਤੇ ਵਿਧਾਇਕ ਆਪੋ ਆਪਣੇ ਹਲਕੇ ਵਿੱਚ ਜਾ ਕੇ ਲੋਕਾਂ ਦੀਆਂ ਮੁਸਕਲਾਂ ਨੂੰ ਸੁਣਨ ਅਤੇ ਉਨ੍ਹਾਂ ਦੇ ਹੱਲ ਨੂੰ ਯਕੀਨੀ ਬਣਾਉਣ।

ਇਸ ਤੋਂ ਪਹਿਲਾਂ ਸ੍ਰ ਧਾਲੀਵਾਲ ਨੇ ਅਧਿਕਾਰੀਆਂ ਨਾਲ ਅਜਨਾਲਾ ਹਲਕੇ ਦੇ ਵਿਕਾਸ ਕਾਰਜਾਂ ਦੇ ਰੀਵਿਊ ਨੂੰ ਲੈ ਕੇ ਮੀਟਿੰਗ ਕੀਤੀ ਅਤੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਚੱਲ ਰਹੇ ਵਿਕਾਸ ਕਾਰਜ ਸਮੇਂ ਸਿਰ ਮੁਕੰਮਲ ਕੀਤੇ ਜਾਣ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਚੱਲ ਰਹੇ ਵਿਕਾਸ ਕਾਰਜਾਂ ਸਬੰਧੀ ਉਹ ਰੋਜਾਨਾ ਪ੍ਰਗਤੀ ਰਿਪੋਰਟ ਲੈਣ ਅਤੇ ਵਿਕਾਸ ਕਾਰਜਾਂ ਦੀ ਗੁਣਵੱਤਾ ਨੂੰ ਸਮੇਂ ਸਮੇਂ ਸਿਰ ਚੈਕ ਕਰਨ।

ਪ੍ਰੈਸ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸ੍ਰ ਧਾਲੀਵਾਲ ਨੇ ਕਿਹਾ ਕਿ ਕੇਂਦਰ ਸਰਕਾਰ ਕਿਸਾਨਾਂ ਦੀਆਂ ਮੰਗਾਂ ਨੂੰ ਪੂਰਾ ਕਰੇ ਨਾ ਕਿ ਬਾਰ ਬਾਰ ਮੀਟਿੰਗਾਂ ਕਰੇ। ਉਨ੍ਹਾਂ ਕਿਹਾ ਕਿ ਇਹ ਠੀਕ ਹੈ ਕਿ ਗੱਲਬਾਤ ਹੋਣੀ ਚਾਹੀਦੀ ਹੈ ਪ੍ਰੰਤੂ ਬਾਰ ਬਾਰ ਗੱਲਾਂ ਹੀ ਨਹੀਂ ਕਿਸਾਨਾਂ ਦੀਆਂ ਮੰਗਾਂ ਵੀ ਪੂਰੀਆਂ ਹੋਣੀਆਂ ਚਾਹੀਦੀਆਂ ਹਨ। ਉਨ੍ਹਾਂ ਬੀ:ਜੇ:ਪੀ ਸਰਕਾਰ ਤੇ ਤੰਜ ਕਸਦਿਆਂ ਕਿਹਾ ਕਿ ਇਹ ਵੱਡੇ ਘਰਾਣਿਆਂ ਦੀ ਸਰਕਾਰ ਹੈ ਅਤੇ ਕੇਵਲ ਉਨ੍ਹਾਂ ਦੇ ਹੀ ਕਰਜੇ ਮੁਆਫ ਕਰਦੀ ਹੈ। ਉਨ੍ਹਾਂ ਕਿਹਾ ਕਿ ਬੇ:ਜੇ:ਪੀ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਹੀ ਅੱਜ ਦੇਸ਼ ਦਾ ਅੰਨਦਾਤਾ ਸੜਕ ਤੇ ਬੈਠਾ ਹੋਇਆ ਹੈ। ਸ੍ਰ ਧਾਲੀਵਾਲ ਨੇ ਕਿਹਾ ਕਿ ਬੱਜਟ ਦੌਰਾਨ ਵੀ ਕਿਸਾਨਾਂ ਨੂੰ ਅੱਖੋਂ ਪਰੋਖੇ ਕੀਤਾ ਗਿਆ ਹੈ ਅਤੇ ਜਿੰਨਾਂ ਰਾਜਾਂ ਵਿੱਚ ਬੀ:ਜੇ:ਪੀ ਸਰਕਾਰ ਨਹੀਂ ਉਨ੍ਹਾਂ ਦਾ ਬੱਜਟ ਦੌਰਾਨ ਕੋਈ ਲਾਭ ਨਹੀਂ ਦਿੱਤਾ।



ਇਸ ਮੌਕੇ ਐਸ:ਡੀ:ਐਮ ਸ੍ਰ ਰਵਿੰਦਰ ਸਿੰਘ, ਬੀ:ਡੀ:ਪੀ:ਓ ਸ੍ਰ ਸੁਖਜੀਤ ਸਿੰਘ ਬਾਜਵਾ, ਤਹਿਸੀਲਦਾਰ ਅਕਵਿੰਦਰ ਕੌਰ, ਨਾਇਬ ਤਹਿਸੀਲਦਾਰ ਸੰਜੀਵ ਪਠਾਨੀਆਂ, ਡੀ:ਐਸ:ਪੀ ਗੁਰਵਿੰਦਰ ਸਿੰਘ ਔਲਖ, ਐਕਸੀਅਨ ਇੰਜ ਅਨੀਸ਼ਦੀਪ ਸਿੰਘ, ਸ੍ਰੀ ਗੁਰਜੰਟ ਸਿੰਘ ਸੋਹੀ, ਐਸ:ਐਚ:ਓ ਸਤਨਾਮ ਸਿੰਘ, ਐਸ:ਐਚ:ਓ ਅਰਜਨ ਕੁਮਾਰ, ਆਮ ਆਦਮੀ ਦੇ ਸ਼ਹਿਰੀ ਪ੍ਰਧਾਨ ਅਮਿਤ ਔਲ, ਚੇਅਰਮੈਨ ਬਲਦੇਵ ਸਿੰਘ ਬੱਬੂ ਚੇਤਨਪੁਰਾ, ਸਰਪੰਚ ਮਨਜਿੰਦਰ ਸਿੰਘ, ਸਰਪੰਚ ਮਨੂੰ ਮੱਲੀ, ਸ੍ਰ ਗੁਰਨਾਮ ਸਿੰਘ ਤੋਂ ਇਲਾਵਾ ਇਲਾਕਾ ਵਾਸੀ ਹਾਜਰ ਸਨ।

# ਭਾਰਤ ਰਤਨ ਡਾਕਟਰ ਅੰਬੇਦਕਰ ਜੀ ਦੇ ਬੁੱਤ ਨੂੰ ਤੋੜੇ ਜਾਣ ਦੀ ਘਟਨਾ ਮੰਦਭਾਗਾ...ਡਾ ਕਾਲਖ, ਡਾ.ਲਸਾੜਾ



ਮਹਿਲ ਕਲਾਂ (ਲੋਕ ਬਾਣੀ): ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ 295 ਦੇ ਸੂਬਾ ਮੀਡੀਆ ਇੰਚਾਰਜ ਪੰਜਾਬ ਡਾਕਟਰ ਮਿੱਠੂ ਮੁਹੰਮਦ ਮਹਿਲ ਕਲਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੂਬਾ ਪ੍ਰਧਾਨ ਡਾ. ਜਸਵਿੰਦਰ ਸਿੰਘ ਕਾਲਖ ਦੀ ਅਗਵਾਈ ਹੇਠ ਗਰੀਨ ਬਲੀਸਿੰਗ ਪੈਰਾਡਾਇਜ਼ ਪੈਲਿਸ, ਮਲੌਦ ਵਿਖੇ ਇੱਕ ਹੰਗਾਮੀ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਦੀ ਪ੍ਰਧਾਨਗੀ ਜ਼ਿਲ੍ਹਾ ਚੇਅਰਮੈਨ ਡਾ. ਅਵਤਾਰ ਸਿੰਘ ਲਸਾੜਾ ਨੇ ਕੀਤੀ। ਮੀਟਿੰਗ ਦੌਰਾਨ, ਭਾਰਤ ਰਤਨ ਡਾ. ਭੀਮ ਰਾਓ ਅੰਬੇਦਕਰ ਦੀ ਮੂਰਤੀ ਨੂੰ ਖੰਡਿਤ ਕਰਨ ਦੀ ਘਟਨਾ ਦੀ ਸਖਤ ਨਿੰਦਾ ਕੀਤੀ ਗਈ। ਐਸੋਸੀਏਸ਼ਨ ਨੇ ਇਸ ਮੰਦਭਾਗੀ ਘਟਨਾ ਲਈ ਜਿੰਨੀ ਵੀ ਨਿੰਦਾ ਕੀਤੀ ਜਾਵੇ, ਕਾਫ਼ੀ ਨਹੀਂ ਹੈ ਅਤੇ ਦੋਸ਼ੀਆਂ ਨੂੰ ਜਲਦੀ ਗ੍ਰਿਫਤਾਰ ਕਰਕੇ ਉਹਨਾਂ ਪਿੱਛੇ ਕੰਮ ਕਰਨ ਵਾਲੀਆਂ ਦੇਸ਼ ਵਿਰੋਧੀ ਤਾਕਤਾਂ ਨੂੰ ਬੇਨਕਾਬ ਕਰਕੇ ਸਖਤ ਸਜ਼ਾਵਾਂ ਦੇਣ ਦੀ ਮੰਗ ਕੀਤੀ।

ਇਸ ਤੋਂ ਇਲਾਵਾ, ਮੀਟਿੰਗ ਵਿੱਚ ਆਈ ਐਮ ਏ ਲੁਧਿਆਣਾ ਦੀ ਚੁਣੀ ਗਈ ਸੈਕਟਰੀ ਡਾ. ਰੁਚੀ ਮੁਟਨੇਜਾ ਦੇ ਬਿਆਨ ਦਾ ਸਖਤ ਵਿਰੋਧ ਕੀਤਾ ਗਿਆ। ਇੱਕ ਮਤਾ ਪਾਸ ਕੀਤਾ ਗਿਆ ਕਿ ਸੂਬਾ ਪ੍ਰਧਾਨ ਡਾ. ਜਸਵਿੰਦਰ ਸਿੰਘ ਕਾਲਖ ਜੋ ਵੀ ਫੈਸਲਾ ਲੈਣਗੇ, ਪੂਰੇ ਪੰਜਾਬ ਦੀਆਂ ਜ਼ਿਲ੍ਹਾ ਅਤੇ ਬਲਾਕ ਕਮੇਟੀਆਂ ਉਸ ਦਾ ਪੂਰਾ ਸਮਰਥਨ ਕਰਨਗੀਆਂ।

ਮੀਟਿੰਗ ਦੌਰਾਨ ਨਵੇਂ ਮੈਂਬਰਾਂ ਨੂੰ ਆਈ-ਕਾਰਡ, ਸਰਟੀਫਿਕੇਟ ਅਤੇ ਫਲੈਕਸੀ ਬੋਰਡ ਵੀ ਵੰਡੇ ਗਏ। ਬਲਾਕ ਪ੍ਰਧਾਨ ਮਲੌਦ ਡਾ. ਰਾਮ ਸਿੰਘ ਨੇ ਧੰਨਵਾਦ ਪ੍ਰਗਟਾਇਆ। ਇਸ ਮੌਕੇ ਤੇ ਡਾ. ਕੁਲਵੰਤ ਸਿੰਘ ਮਦਨੀਪੁਰ, ਹਰਦੀਪ ਸਿੰਘ ਕਿਲਾਹਾਂਸ, ਡਾ. ਸੁਖਵਿੰਦਰ ਸਿੰਘ ਰੌਣੀ, ਡਾ. ਮਨਮੋਹਨ ਸਿੰਘ, ਡਾ. ਭਰਭੂਰ ਸਿੰਘ, ਡਾ. ਤਰਸੇਮ ਲਾਲ ਅਤੇ ਬਲਾਕ ਕਮੇਟੀ ਦੇ ਹੋਰ ਮੈਂਬਰ ਵੀ ਮੌਜੂਦ ਸਨ।

# ਵਧੀਕ ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ ਜਿਲ੍ਹਾ ਵਾਤਾਵਰਣ ਕਮੇਟੀ ਦੀ ਮੀਟਿੰਗ

ਮਾਲੇਰਕੋਟਲਾ (ਲੋਕ ਬਾਣੀ) ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਜ਼ਿਲ੍ਹਾ ਵਾਤਾਵਰਣ ਯੋਜਨਾ ਨੂੰ ਲਾਗੂ ਕਰਨ ਦਾ ਜਾਇਜ਼ਾ ਲੈਣ ਲਈ ਜ਼ਿਲ੍ਹਾ ਵਾਤਾਵਰਨ ਕਮੇਟੀ ਦੀ ਸਮੀਖਿਆ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਉਨ੍ਹਾਂ ਵਲੋਂ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਨਿਗਰਾਨੀ ਕਮੇਟੀ ਦੇ ਫੈਸਲਿਆਂ ਦੀ ਪਾਲਣਾ ਨਾਲ ਸਬੰਧਤ ਵੱਖ-ਵੱਖ ਮਾਮਲਿਆਂ ਤੇ ਚਰਚਾ ਕੀਤੀ ਗਈ।



ਉਨ੍ਹਾਂ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਵਾਤਾਵਰਣ,ਪਾਣੀ ਦੀ ਸਾਂਭ ਸੰਭਾਲ ਸਬੰਧੀ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਵਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਦੀ ਇੰਨ-ਬਿੰਨ ਪਾਲਨਾ ਯਕੀਨੀ ਬਣਾਈ ਜਾਵੇ । ਉਨ੍ਹਾਂ ਜ਼ਿਲ੍ਹੇ ਦੇ ਸਮੂਹ ਕਾਰਜ ਸਾਧਕ ਅਫ਼ਸਰਾਂ ਨੂੰ ਹਦਾਇਤ ਕੀਤੀ ਕਿ ਕੂੜਾ ਪ੍ਰਬੰਧਨ ਪਲਾਨ ਨੂੰ ਸਖਤੀ ਨਾਲ ਲਾਗੂ ਕੀਤਾ ਜਾਵੇ ਅਤੇ ਸ਼ਹਿਰ ਨੂੰ ਪਲਾਸਟਿਕ ਮੁਕਤ ਬਣਾਉਣ ਲਈ ਹਰ ਤਰ੍ਹਾਂ ਦੇ ਸੰਭਵ ਉਪਰਾਲੇ ਕੀਤੇ ਜਾਣ ।

ਵਧੀਕ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਅੰਦਰ ਸ਼ਹਿਰੀ ਤੇ ਪੇਂਡੂ ਖੇਤਰਾਂ ਚ ਗੰਦਗੀ ਵਾਲੇ ਸਥਾਨਾਂ ਦੀ ਸਫ਼ਾਈ, ਗਿੱਲੇ ਅਤੇ ਸੁੱਕੇ ਕੂੜੇ,ਠੋਸ ਰਹਿੰਦ-ਖੂੰਹਦ ਪ੍ਰਬੰਧਨ, ਪਲਾਸਟਿਕ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ,ਪਿੰਡਾਂ ਦੇ ਟੋਭੇ, ਸੀਵਰੇਜ ਦਾ ਗੰਦਾ ਪਾਣੀ ਸੋਧਣ ਲਈ ਸੀਵਰੇਜ ਟ੍ਰੀਟਮੈਂਟ ਪਲਾਂਟਾਂ ਦੀ ਕਾਰਗੁਜ਼ਾਰੀ, ਲੋਕਾਂ ਨੂੰ ਕੂੜਾ ਪ੍ਰਬੰਧਨ ਅਤੇ ਵਾਤਾਵਰਣ ਦੀ ਸੰਭਾਂਲ ਲਈ ਜਾਗਰੂਕ ਕਰਨ, ਬਾਇਓ ਮੈਡੀਕਲ ਤੇ ਈ-ਵੇਸਟ ਪ੍ਰਬੰਧਨ, ਛੱਪੜਾਂ ਦੀ ਸਾਫ਼-ਸਫ਼ਾਈ ਅਤੇ ਸੀਵਰੇਜ ਜਾਂ ਫੈਕਟਰੀਆਂ ਦੇ ਪਾਣੀ ਨੂੰ ਬਿਨ੍ਹਾਂ ਸੋਧੇ ਨਾ ਪੈਣ ਦੇਣ ਆਦਿ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਜ਼ਿਲ੍ਹੇ ਅੰਦਰ ਲੱਗੇ ਐਸ.ਟੀ.ਪੀਜ ਦੀ ਸਮੀਖਿਆ ਕਰਦਿਆਂ ਕਿਹਾ ਕਿ ਸਬੰਧਤ ਵਿਭਾਗ ਇਹ ਯਕੀਨੀ ਬਣਾਉਣ ਕੇ ਐਸ.ਟੀ.ਪੀਜ਼ ਸਹੀ ਅਤੇ ਪੂਰੀ ਸਮਰੱਥਾ ਨਾਲ ਕੰਮ ਕਰਨ।

ਉਨ੍ਹਾਂ ਵਲੋਂ ਜ਼ਿਲ੍ਹੇ ਵਿਚ ਚਲ ਰਹੇ ਇੱਕ ਟ੍ਰੀਟਮੈਂਟ ਪਲਾਂਟਾਂ ਵਲੋਂ ਪਾਣੀ ਸਾਫ ਕਰਨ ਲਈ ਨਿਰਧਾਰਿਤ ਟੀਚਿਆਂ ਦੀ ਪ੍ਰਾਪਤੀ ਲਈ ਉਨ੍ਹਾਂ ਸੀਵਰੇਜ ਬੋਰਡ ਅਤੇ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ ਨਿਰਦੇਸ਼ ਜਾਰੀ ਕੀਤੇ।

ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਵਾਤਾਵਰਣ ਇੰਜੀਨੀਅਰ ਸਿਮਰਪ੍ਰੀਤ ਸਿੰਘ ਨੇ ਮੀਟਿੰਗ ਦੀ ਕਾਰਵਾਈ ਚਲਾਉਂਦਿਆਂ ਦੱਸਿਆ ਕਿ ਕੌਮੀ ਗਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਮੁਤਾਬਕ ਜਾਰੀ ਐਕਸ਼ਨ ਪਲਾਨ ਅਨੁਸਾਰ ਧਰਤੀ ਹੇਠਲੇ ਪਾਣੀ, ਹਵਾ ਤੇ ਵਾਤਾਵਰਣ ਨੂੰ ਪਲੀਤ ਹੋਣ ਤੋਂ ਰੋਕਣ ਲਈ ਸਮੁਚੀ ਪ੍ਰਕ੍ਰਿਆ ਨੂੰ ਮਿਥੇ ਸਮੇਂ ਦੇ ਅੰਦਰ ਨੇਪਰੇ ਚੜਾਇਆ ਜਾਵੇਗਾ।

ਇਸ ਮੌਕੇ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਰਿੰਪੀ ਗਰਗ,ਐਸ.ਡੀ.ਓ ਵਾਟਰ ਸਪਲਾਈ ਤੇ ਸੈਨੀਟੇਸ਼ਨ ਇੰਜ. ਰਜਿੰਦਰ ਗਰਗ,ਐਸ.ਡੀ.ਓ(ਪੀ.ਡਬਲਿਊ.ਡੀ) ਇੰਜ.ਬਲਰਾਜ ਸਿੰਘ, ਜਿਲ੍ਹਾ ਐਪੀਡੀਮਾਲੋਜਿਸਟ ਡਾ. ਮੁਨੀਰ ਮੁਹੰਮਦ, ਜੇ.ਈ ਇੰਜ ਪ੍ਰਿੰਸ ਮੋਦੀ, ਸੀਨੀਅਰ ਉਦਯੋਗਿਕ ਪ੍ਰਮੋਸ਼ਨ ਅਫਸਰ ਕਰਨਦੀਪ ਸਿੰਘ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਬਾਬਾ ਦੀਪ ਸਿੰਘ ਦੇ ਜਨਮ ਦਿਹਾੜੇ ਦੇ ਸਬੰਧ ਵਿੱਚ ਲੰਗਰ ਲਗਾਇਆ*




ਅੰਮ੍ਰਿਤਸਰ, (ਲੋਕ ਬਾਣੀ)ਗੁਰਦੁਆਰਾ ਨਾਨਕਸਰ ਸਾਹਿਬ ਰਾਮ ਤੀਰਥ ਵਿਖੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਦੇ ਸਬੰਧ ਵਿੱਚ ਪੂਰੀ ਛੋਲਿਆਂ ਦਾ ਲੰਗਰ ਲਗਾਇਆ ਗਿਆ, ਇਸ ਮੌਕੇ ਤੇ ਲੰਗਰ ਦੀ ਸੇਵਾ ਕਰਦੇ ਹੋਏ ਗੁਰਦੁਆਰਾ ਸਾਹਿਬ ਦੇ ਸੇਵਾਦਾਰ ਅਤੇ ਪਿੰਡ ਕਲੇਰ ਦੇ ਵਾਸੀ।

# ਡਾ. ਵਿਨੋਦ ਸ਼ਰਮਾ ਅਖਿਲ ਭਾਰਤੀ ਸਾਹਿਤ ਪ੍ਰੀਸ਼ਦ ਇਕਾਈ ਪੰਚਕੂਲਾ ਦੇ ਪ੍ਰਧਾਨ ਬਣੇ



ਚੰਡੀਗੜ੍ਹ / ਪੰਚਕੂਲਾ। (ਲੋਕ ਬਾਣੀ) ਦਸੰਬਰ ਮਹੀਨੇ ਵਿੱਚ ਅਖਿਲ ਭਾਰਤੀ ਸਾਹਿਤ ਪ੍ਰੀਸ਼ਦ ਵੱਲੋਂ ਆਯੋਜਿਤ ਕਵੀ ਸੰਮੇਲਨ ਦੌਰਾਨ, ਪੰਚਕੂਲਾ ਇਕਾਈ ਦੇ ਪ੍ਰਧਾਨ ਦੇ ਖਾਲੀ ਅਹੁਦੇ ਲਈ ਨਾਮ ਤੇ ਚਰਚਾ ਹੋਈ। ਉਸ ਸਮੇਂ ਮੌਜੂਦ ਸਰੋਤਿਆਂ ਨਾਲ ਚਰਚਾ ਕਰਨ ਤੋਂ ਬਾਅਦ, ਮੈਂਬਰਾਂ, ਜੀਵਨ ਭਰ ਮੈਂਬਰ ਅਤੇ ਹਰਿਆਣਾ ਰਾਜ ਉਪ ਪ੍ਰਧਾਨ ਸੰਤੋਸ਼ ਗਰਗ, ਕੁਝ ਸਮਰਪਿਤ ਸਾਹਿਤਕਾਰਾਂ ਦੇ ਨਾਮ ਸੂਚੀਬੱਧ ਕੀਤੇ ਗਏ ਸਨ। ਸੰਗਠਨ ਦੇ ਹਰਿਆਣਾ ਸੂਬਾਈ ਉਪ ਪ੍ਰਧਾਨ ਸੰਤੋਸ਼ ਗਰਗ ਨੇ ਕਿਹਾ ਕਿ ਉਨ੍ਹਾਂ ਵਿੱਚੋਂ ਇੱਕ, ਡਾ. ਵਿਨੋਦ ਸ਼ਰਮਾ, ਨੇ ਬਸੰਤੋਤਸਵ ਸਮਾਰੋਹ ਵਿੱਚ ਹਿੱਸਾ ਲਿਆ ਅਤੇ ਸੰਗਠਨ ਦੀਆਂ ਗਤੀਵਿਧੀਆਂ ਅਤੇ ਪ੍ਰਾਪਤੀਆਂ ਤੋਂ ਜਾਣੂ ਹੋਣ ਤੋਂ ਬਾਅਦ, ਜੀਵਨ ਭਰ ਮੈਂਬਰਸ਼ਿਪ ਲਈ। ਡਾ. ਵਿਨੋਦ ਸ਼ਰਮਾ ਦੇ ਛੇ ਕਾਵਿ ਸੰਗ੍ਰਹਿ ਅਤੇ ਇੱਕ ਸਾਂਝਾ ਕਾਵਿ ਸੰਗ੍ਰਹਿ ਵੀ ਪ੍ਰਕਾਸ਼ਿਤ ਹੋ ਚੁੱਕੇ ਹਨ। ਸੰਗਠਨ ਪ੍ਰਤੀ ਉਨ੍ਹਾਂ ਦੀ ਸਮਰਪਣ ਭਾਵਨਾ ਨੂੰ ਵੇਖਦਿਆਂ, ਜਦੋਂ ਉਨ੍ਹਾਂ ਨੇ ਹਰਿਆਣਾ ਰਾਜ ਦੇ ਹੋਰ ਸੀਨੀਅਰ ਅਧਿਕਾਰੀਆਂ ਨਾਲ ਪ੍ਰਧਾਨ ਦੇ ਖਾਲੀ ਅਹੁਦੇ ਨੂੰ ਭਰਨ ਸੰਬੰਧੀ ਫ਼ੋਨ ਤੇ ਗੱਲ ਕੀਤੀ, ਤਾਂ ਉਨ੍ਹਾਂ ਨੇ ਆਪਣੀ ਸਹਿਮਤੀ ਦੇ ਦਿੱਤੀ। ਇਸ ਸ਼ੁਭ ਮੌਕੇ ਤੇ, ਸਟੇਟ ਅਖਬਾਰ ਦੇ ਮੁੱਖ ਸੰਪਾਦਕ ਡਾ. ਵਿਨੋਦ ਸ਼ਰਮਾ ਨੂੰ ਸਰਬਸੰਮਤੀ ਨਾਲ ਅਖਿਲ ਭਾਰਤੀ ਸਾਹਿਤ ਪ੍ਰੀਸ਼ਦ, ਯੂਨਿਟ ਪੰਚਕੂਲਾ ਦਾ ਪ੍ਰਧਾਨ ਘੋਸ਼ਿਤ ਕੀਤਾ ਗਿਆ। ਬਸੰਤ ਉਤਸਵ ਸਮਾਰੋਹ ਦੇ ਮੁੱਖ ਮਹਿਮਾਨ ਸੁਰੇਸ਼ ਪੁਸ਼ਪਾਕਰ ਅਤੇ ਸੂਬਾਈ ਉਪ ਪ੍ਰਧਾਨ ਸੰਤੋਸ਼ ਗਰਗ ਨੇ ਉਨ੍ਹਾਂ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਸ਼ਾਲ ਭੇਟ ਕਰਕੇ ਵਧਾਈ ਦਿੱਤੀ। ਸਾਰੇ ਮੌਜੂਦ ਮੈਂਬਰਾਂ ਨੇ ਵਿਨੋਦ ਸ਼ਰਮਾ ਜੀ ਨੂੰ ਯੂਨਿਟ ਪ੍ਰਧਾਨ ਵਜੋਂ ਸਵੀਕਾਰ ਕੀਤਾ ਅਤੇ ਉਨ੍ਹਾਂ ਨੂੰ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਅੰਤ ਵਿੱਚ ਡਾ. ਵਿਨੋਦ ਸ਼ਰਮਾ ਨੇ ਕਿਹਾ ਕਿ ਤੁਸੀਂ ਮੈਨੂੰ ਇਸ ਸੰਸਥਾ ਦੇ ਪ੍ਰਧਾਨ ਦੇ ਅਹੁਦੇ ਲਈ ਨਾਮਜ਼ਦ ਕੀਤਾ ਹੈ। ਇਹ ਮੇਰੇ ਲਈ ਬਹੁਤ ਮਾਣ ਵਾਲੀ ਗੱਲ ਹੈ। ਸਾਹਿਤ ਮੇਰੀ ਜ਼ਿੰਦਗੀ ਦਾ ਇੱਕ ਹਿੱਸਾ ਹੈ। ਜਿਵੇਂ ਮੈਂ ਆਪਣੇ ਸਰੀਰ ਨੂੰ ਸਿਹਤਮੰਦ ਰੱਖਣ ਲਈ ਹਰ ਰੋਜ਼ ਖਾਣਾ ਖਾਂਦਾ ਹਾਂ, ਉਸੇ ਤਰ੍ਹਾਂ ਮੈਂ ਸਮਾਜ ਵਿੱਚ ਸਦਭਾਵਨਾ ਦਾ ਮਾਹੌਲ ਬਣਾਈ ਰੱਖਣ ਲਈ ਲੋਕਾਂ ਨੂੰ ਚੰਗੇ ਵਿਚਾਰ ਦਿੰਦਾ ਹਾਂ। ਮੈਂ ਸੰਸਥਾ ਦੇ ਨਿਯਮਾਂ ਦੀ ਪਾਲਣਾ ਕਰਦੇ ਹੋਏ ਪ੍ਰਧਾਨ ਦੇ ਆਪਣੇ ਅਹੁਦੇ ਤੇ ਪੂਰੀ ਇਮਾਨਦਾਰੀ ਨਾਲ ਕੰਮ ਕਰਾਂਗਾ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਅਨਿਲ ਸ਼ਰਮਾ ਚਿੰਤਕ ਪਹਿਲਾਂ ਵਾਂਗ ਜਨਰਲ ਸਕੱਤਰ ਦੇ ਅਹੁਦੇ ਤੇ ਕੰਮ ਕਰਦੇ ਰਹਿਣਗੇ। ਇਸ ਮੌਕੇ ਸੰਸਥਾ ਦੇ ਜੀਵਨ ਮੈਂਬਰ ਸੁਨੀਤਾ ਨੈਨ, ਕ੍ਰਿਸ਼ਨਾ ਗੋਇਲ, ਰੰਜਨ ਮੰਗੋਤਰਾ, ਗਣੇਸ਼ ਦੱਤ ਬਜਾਜ, ਸੁਦੇਸ਼ ਨੂਰ ਅਤੇ ਹੋਰ ਬਹੁਤ ਸਾਰੇ ਪਤਵੰਤੇ ਮੌਜੂਦ ਸਨ। ਸੰਵਾਦ ਸਾਹਿਤ ਮੰਚ ਦੇ ਪ੍ਰਧਾਨ ਅਤੇ ਪ੍ਰਸਿੱਧ ਸਾਹਿਤਕਾਰ ਪ੍ਰੇਮ ਵਿਜ ਨੇ ਇਸ ਮੌਕੇ ਡਾ. ਵਿਨੋਦ ਸ਼ਰਮਾ ਨੂੰ ਵਧਾਈ ਦਿੱਤੀ।

# ਕਾਨਪੁਰ ਪੁਲਿਸ ਨੇ ਜਿਨਸੀ ਸ਼ੋਸ਼ਣ ਦੇ ਦੋਸ਼ੀ 99" ਪ੍ਰੋਜੈਕਟ ਮੈਨੇਜਰ ਦੀ ਭਾਲ ਵਿੱਚ ਇੰਦੌਰ ਵਿੱਚ ਡੇਰੇ ਲਾਏ।



ਕਾਨਪੁਰ। ( ਸੁਨੀਲ ਬਾਜਪਾਈ ) ਇੱਥੋਂ ਦੀ ਪੁਲਿਸ ਨੇ ਆਈਆਈਟੀ ਦੀ ਸਾਈਬਰ ਕ੍ਰਾਈਮ ਲੈਬ ਦੇ ਮੈਨੇਜਰ ਸ਼ੁਭਮ ਮਾਲਵੀਆ ਦੀ ਭਾਲ ਲਈ ਇੰਦੌਰ ਵਿੱਚ ਡੇਰੇ ਲਾਏ ਹੋਏ ਹਨ, ਜੋ ਕਿ ਇੱਕ ਸਹਿਕਰਮੀ ਨੂੰ ਵਿਆਹ ਦਾ ਝਾਂਸਾ ਦੇ ਕੇ ਜਿਨਸੀ ਸ਼ੋਸ਼ਣ ਕਰਨ ਦੇ ਇਲਜ਼ਾਮ ਵਿੱਚ ਫਰਾਰ ਹੈ। ਸ਼ੁਭਮ ਦੀ ਲੋਕੇਸ਼ਨ ਮਿਲਣ ਤੋਂ ਬਾਅਦ ਉਹ ਇੱਥੇ ਪਹੁੰਚ ਗਈ ਹੈ ਪਰ ਖ਼ਬਰ ਲਿਖੇ ਜਾਣ ਤੱਕ ਉਸ ਬਾਰੇ ਕੁਝ ਪਤਾ ਨਹੀਂ ਲੱਗ ਸਕਿਆ ਹੈ।

ਇਸ ਦੌਰਾਨ ਪੁਲੀਸ ਨੇ ਉਸ ਦੇ ਪਰਿਵਾਰਕ ਮੈਂਬਰਾਂ ਅਤੇ ਜਾਣ-ਪਛਾਣ ਵਾਲਿਆਂ ਦੇ ਘਰਾਂ 'ਤੇ ਛਾਪੇਮਾਰੀ ਵੀ ਕੀਤੀ ਪਰ ਕੋਈ ਸਫ਼ਲਤਾ ਨਹੀਂ ਮਿਲੀ। ਪੁਲਿਸ ਨੇ ਦੱਸਿਆ ਕਿ ਜਿਨਸੀ ਸ਼ੋਸ਼ਣ ਦੇ ਦੋਸ਼ ਸਾਬਤ ਹੋਣ ਤੋਂ ਬਾਅਦ ਇਹ ਕਾਰਵਾਈ ਸ਼ੁਰੂ ਕੀਤੀ ਗਈ ਹੈ।

ਪੁਲਸ ਦੇਰ ਰਾਤ ਤੱਕ ਸ਼ੁਭਮ ਦੇ ਘਰ ਅਤੇ ਆਸ-ਪਾਸ ਦੇ ਇਲਾਕਿਆਂ ਚ ਛਾਪੇਮਾਰੀ ਕਰਦੀ ਰਹੀ ਪਰ ਕੋਈ ਸਫਲਤਾ ਨਹੀਂ ਮਿਲੀ। ਪੁਲਸ ਹੁਣ ਪਰਿਵਾਰਕ ਮੈਂਬਰਾਂ ਤੋਂ ਪੁੱਛਗਿੱਛ ਕਰਨ ਤੋਂ ਬਾਅਦ ਦੋਸ਼ੀਆਂ ਦੀ ਭਾਲ ਚ ਲੱਗੀ ਹੋਈ ਹੈ।

ਜਾਣਕਾਰੀ ਅਨੁਸਾਰ ਇੰਦੌਰ ਦਾ ਰਹਿਣ ਵਾਲਾ ਸ਼ੁਭਮ ਮਾਲਵੀਆ ਆਈਆਈਟੀ ਕਾਨਪੁਰ ਵਿੱਚ ਸਾਈਬਰ ਸੁਰੱਖਿਆ ਲੈਬ ਦਾ ਪ੍ਰੋਜੈਕਟ ਮੈਨੇਜਰ ਹੈ। 26 ਦਸੰਬਰ ਨੂੰ ਇਸੇ ਲੈਬ ਚ ਕੰਮ ਕਰਦੀ ਇਕ ਲੜਕੀ ਨੇ ਉਸ ਦੇ ਖਿਲਾਫ ਕਲਿਆਣਪੁਰ ਥਾਣੇ ਚ ਵਿਆਹ ਦੇ ਬਹਾਨੇ ਜਿਨਸੀ ਸ਼ੋਸ਼ਣ, ਕੁੱਟਮਾਰ ਅਤੇ ਡਰਾਉਣ ਧਮਕਾਉਣ ਦੀ ਰਿਪੋਰਟ ਦਰਜ ਕਰਵਾਈ ਸੀ। ਇਸ ਦੌਰਾਨ ਮਾਮਲੇ ਦੀ ਜਾਂਚ ਕਰ ਰਹੀ ਪੁਲੀਸ ਨੇ ਮੁੱਢਲੀ ਜਾਂਚ ਵਿੱਚ ਪੀੜਤਾ ਦੇ ਦੋਸ਼ ਸਹੀ ਪਾਏ ਹਨ। ਇਸ ਤੋਂ ਇਲਾਵਾ ਉਸ ਨੇ ਅਦਾਲਤ ਵਿੱਚ ਮੁਲਜ਼ਮਾਂ ਖ਼ਿਲਾਫ਼ ਬਿਆਨ ਵੀ ਦਿੱਤੇ ਹਨ। ਜਿਸ ਤੋਂ ਬਾਅਦ ਥਾਣਾ ਕਲਿਆਣਪੁਰ ਦੀ ਪੁਲਸ ਨੇ ਦੋਸ਼ੀ ਸ਼ੁਭਮ ਮਾਲਵੀਆ ਦੀ ਭਾਲ ਤੇਜ਼ ਕਰ ਦਿੱਤੀ ਹੈ।

ਫਿਲਹਾਲ ਕਾਨਪੁਰ ਪੁਲਸ ਦੀਆਂ ਦੋ ਟੀਮਾਂ ਉਸ ਦੀ ਭਾਲ ਚ ਇੰਦੌਰ ਚ ਡੇਰੇ ਲਾ ਰਹੀਆਂ ਹਨ ਪਰ ਕਈ ਛਾਪੇ ਮਾਰਨ ਤੋਂ ਬਾਅਦ ਵੀ ਪੁਲਸ ਅਜੇ ਤੱਕ ਉਸ ਨੂੰ ਫੜਨ ਚ ਕਾਮਯਾਬ ਨਹੀਂ ਹੋ ਸਕੀ ਹੈ। ਉਸਦੀ ਤਲਾਸ਼ ਜਾਰੀ ਹੈ।

# ਅਮਿਤ ਸ਼ਾਹ ਦਾ ਪੁਤਲਾ ਸਾੜਨ ਦੇ ਮਾਮਲੇ ਵਿੱਚ ਕਾਨਪੁਰ ਦੇ ਵਕੀਲਾਂ ਵਿਰੁੱਧ ਪੁਲਿਸ ਜਾਂਚ ਜਾਰੀ, ਵਕੀਲ ਆਰਕੇ ਸਿੰਘ ਨੇ ਚੁੱਕੇ ਸਵਾਲ

ਕਾਨਪੁਰ। (ਸੁਨੀਲ ਬਾਜਪਾਈ) ਸੰਵਿਧਾਨ ਨਿਰਮਾਤਾ ਡਾ. ਭੀਮਰਾਓ ਅੰਬੇਡਕਰ ਤੇ ਰਾਜ ਸਭਾ ਵਿੱਚ ਦਿੱਤੇ ਗਏ ਵਿਵਾਦਤ ਬਿਆਨ ਦੇ ਵਿਰੋਧ ਵਿੱਚ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਪੁਤਲਾ ਸਾੜਨ ਦੇ ਮਾਮਲੇ ਵਿੱਚ ਸੀਨੀਅਰ ਵਕੀਲ ਆਰ.ਕੇ. ਸਿੰਘ ਯਾਦਵ ਅਤੇ ਹੋਰ ਵਕੀਲਾਂ ਵਿਰੁੱਧ ਥਾਣੇ ਵਿੱਚ ਦਰਜ ਐਫਆਈਆਰ ਦੀ ਜਾਂਚ ਅਜੇ ਪੂਰਾ ਨਹੀਂ ਹੋਇਆ। ਇਹ ਹੋ ਗਿਆ ਹੈ।

ਸੂਤਰਾਂ ਦਾ ਇਹ ਵੀ ਦਾਅਵਾ ਹੈ ਕਿ ਜਾਂਚ ਪੂਰੀ ਕਰਕੇ ਅਤੇ ਉਨ੍ਹਾਂ ਵਿਰੁੱਧ ਚਾਰਜਸ਼ੀਟ ਦਾਇਰ ਕਰਕੇ ਮੁਲਜ਼ਮਾਂ ਦੇ ਵਕੀਲਾਂ ਨੂੰ ਦੋਸ਼ੀ ਸਾਬਤ ਕਰਨਾ ਆਸਾਨ ਨਹੀਂ ਹੈ, ਕਿਉਂਕਿ ਪੁਲਿਸ ਯਾਨੀ ਜਾਂਚਕਰਤਾ ਸਿਰਫ਼ ਕਿਸੇ ਵਿਅਕਤੀ ਨਾਲ ਹੀ ਨਹੀਂ ਸਗੋਂ ਕਾਨੂੰਨ ਦੀਆਂ ਬਾਰੀਕੀਆਂ ਨਾਲ ਪੇਸ਼ ਆ ਰਿਹਾ ਹੈ। ਉਸਨੇ ਇਹ ਵੀ ਕਿਹਾ ਹੈ ਕਿ ਆਰ ਕੇ ਸਿੰਘ ਯਾਦਵ ਵਰਗੇ ਸੀਨੀਅਰ ਵਕੀਲਾਂ ਤੋਂ ਸਿੱਖਿਆ, ਜੋ ਵੇਰਵਿਆਂ ਦੀ ਭਾਲ ਕਰਦੇ ਹਨ ਅਤੇ ਜਿਨ੍ਹਾਂ ਨੇ ਦੇਸ਼ ਦੇ ਸਭ ਤੋਂ ਵੱਧ ਚਰਚਿਤ ਬਹਿਮਈ ਕਤਲੇਆਮ ਕੇਸ ਵਿੱਚ, ਡਾਕੂ ਸੁੰਦਰੀ ਫੂਲਨ ਦੇਵੀ ਦੇ ਹੱਕ ਵਿੱਚ ਆਪਣੀਆਂ ਅਟੱਲ ਦਲੀਲਾਂ ਅਤੇ ਬੇਮਿਸਾਲ ਜਿਰ੍ਹਾ ਨਾਲ ਸਭ ਤੋਂ ਮਜ਼ਬੂਤ ਵਿਰੋਧੀਆਂ ਨੂੰ ਵੀ ਹਰਾਇਆ ਸੀ। ਇੰਨਾ ਹੀ ਨਹੀਂ, ਸੀਨੀਅਰ ਵਕੀਲ ਆਰ ਕੇ ਸਿੰਘ ਯਾਦਵ, ਇੱਕ ਬਹੁਤ ਹੀ ਨਿਡਰ ਅਤੇ ਸ਼ਿਵਤਵ ਸੁਭਾਅ ਵਾਲੇ ਕਾਨੂੰਨੀ ਮਾਹਰ ਜੋ ਹਮੇਸ਼ਾ ਸਾਰਿਆਂ ਦੇ ਸੁੱਖ-ਦੁੱਖ ਵਿੱਚ ਉਨ੍ਹਾਂ ਦੇ ਨਾਲ ਖੜ੍ਹੇ ਰਹਿੰਦੇ ਹਨ, ਨੂੰ ਬੇਸਹਾਰਾ ਗਰੀਬਾਂ ਨੂੰ ਹਰ ਸੰਭਵ ਕਾਨੂੰਨੀ ਸਹਾਇਤਾ ਪ੍ਰਦਾਨ ਕਰਨ ਵਿੱਚ ਮੋਹਰੀ ਮੰਨਿਆ ਜਾਂਦਾ ਹੈ।

ਉਨ੍ਹਾਂ ਅਨੁਸਾਰ, ਦਰਜ ਕੀਤੀ ਗਈ ਐਫਆਈਆਰ ਵਿੱਚ ਉਹ ਸਮਾਂ ਦੱਸਿਆ ਗਿਆ ਹੈ ਜਦੋਂ ਪੁਤਲਾ ਸਾੜਿਆ ਗਿਆ ਸੀ। ਉਸ ਸਮੇਂ, ਉਹ ਉੱਥੇ ਮੌਜੂਦ ਨਹੀਂ ਸਨ ਅਤੇ ਇਸ ਸੰਦਰਭ ਵਿੱਚ ਇੱਕ ਵੱਖਰੀ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਜਿੱਥੋਂ ਤੱਕ ਜਨਤਕ ਜਾਇਦਾਦ ਨੂੰ ਨੁਕਸਾਨ ਰੋਕਥਾਮ ਐਕਟ 1984 ਦੀ ਧਾਰਾ 126 (2) 2©♥ 2023 ਅਤੇ 3/5 ਤਹਿਤ ਦਰਜ ਕੀਤੇ ਗਏ ਮਾਮਲੇ ਦਾ ਸਬੰਧ ਹੈ। ਇਸਦੀ ਜਾਂਚ ਇੰਸਪੈਕਟਰ ਮਹੇਸ਼ ਸਿੰਘ ਨੂੰ ਸੌਂਪੀ ਗਈ ਹੈ ਅਤੇ ਇਹ ਮਾਮਲਾ ਰਾਜ ਸਭਾ ਵਿੱਚ ਸੰਵਿਧਾਨ ਤੇ ਚਰਚਾ ਦੌਰਾਨ ਸੰਵਿਧਾਨ ਨਿਰਮਾਤਾ ਭਾਰਤ ਰਤਨ ਬਾਬਾ ਸਾਹਿਬ ਭੀਮਰਾਓ ਅੰਬੇਡਕਰ ਬਾਰੇ ਦਿੱਤੇ ਗਏ ਬਿਆਨ ਦੇ ਵਿਰੋਧ ਵਿੱਚ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਪੁਤਲੇ ਨੂੰ ਸਾੜਨ ਨਾਲ ਸਬੰਧਤ ਹੈ। , ਜਿਸ ਬਾਰੇ ਇੰਸਪੈਕਟਰ ਗਣੇਸ਼ ਦੁਆਰਾ ਕੋਤਵਾਲੀ ਵਿੱਚ ਦਰਜ ਕੀਤੀ ਗਈ ਐਫਆਈਆਰ ਦੇ ਅਨੁਸਾਰ, 19.12.2024 ਨੂੰ, ਵਕੀਲਾਂ ਰਾਹੁਲ ਕਨੌਜੀਆ, ਰੋਹਿਤ ਸੋਨਕਰ, ਬੁੱਧ ਚੰਦ, ਸਾਗਰ ਯਾਦਵ, ਡੀਐਨ ਪਾਲ, ਵੀਰੇਂਦਰ ਪ੍ਰਤਾਪ, ਆਰਕੇ ਯਾਦਵ ਅਤੇ ਹੋਰਾਂ ਦੇ ਇੱਕ ਸਮੂਹ ਨੇ ਸ਼ਿਕਾਇਤ ਦਰਜ ਕਰਵਾਈ ਸੀ। ਭਾਰਤ ਸਰਕਾਰ ਦੇ ਖਿਲਾਫ। ਸੰਸਦ ਭਵਨ ਵਿੱਚ ਬਾਬਾ ਭੀਮ ਰਾਓ ਅੰਬੇਡਕਰ ਬਾਰੇ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਦਿੱਤੇ ਗਏ ਬਿਆਨ ਦੇ ਵਿਰੋਧ ਵਿੱਚ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਪੁਤਲਾ ਬਣਾ ਕੇ ਇੱਕ ਜਨਤਕ ਸੜਕ ਨੂੰ ਗੈਰ-ਕਾਨੂੰਨੀ ਢੰਗ ਨਾਲ ਰੋਕ ਦਿੱਤਾ ਗਿਆ, ਜਿਸ ਕਾਰਨ ਜਨਤਕ ਆਵਾਜਾਈ ਪ੍ਰਣਾਲੀ ਵਿਘਨ ਪਿਆ ਅਤੇ ਲੋਕਾਂ ਨੇ ਪੁਤਲਾ ਫੂਕਿਆ। ਸੜਕ ਦੇ ਵਿਚਕਾਰ ਵਾਹਨ ਨੂੰ ਸਾੜ ਕੇ ਜਨਤਕ ਸਰਕਾਰੀ ਸੜਕ ਨੂੰ ਨੁਕਸਾਨ ਪਹੁੰਚਾਇਆ ਗਿਆ।







ਜਿੱਥੋਂ ਤੱਕ ਦਰਜ ਕੀਤੀ ਗਈ ਐਫਆਈਆਰ ਦੇ ਆਧਾਰ ਤੇ ਵਕੀਲਾਂ ਵਿਰੁੱਧ ਦੋਸ਼ਾਂ ਨੂੰ ਸਾਬਤ ਕਰਨ ਦਾ ਸਵਾਲ ਹੈ, ਜਿਵੇਂ ਕਿ ਗੈਰ-ਕਾਨੂੰਨੀ ਤੌਰ ਤੇ ਜਨਤਕ ਸੜਕ ਨੂੰ ਰੋਕਣਾ, ਜਨਤਕ ਆਵਾਜਾਈ ਪ੍ਰਣਾਲੀ ਵਿੱਚ ਵਿਘਨ ਪਾਉਣਾ ਅਤੇ ਪੁਤਲਾ ਸਾੜ ਕੇ ਜਨਤਕ ਸਰਕਾਰੀ ਸੜਕ ਨੂੰ ਨੁਕਸਾਨ ਪਹੁੰਚਾਉਣਾ, ਆਦਿ। ਇਹ ਸਭ ਜਾਂਚਕਰਤਾ ਲਈ ਬਹੁਤ ਸੌਖਾ ਨਹੀਂ ਹੈ।

ਸੀਨੀਅਰ ਵਕੀਲ ਆਰ.ਕੇ. ਸਿੰਘ ਦੇ ਅਨੁਸਾਰ, ਜਾਂਚ ਦੀ ਪਰਿਭਾਸ਼ਾ ਨੂੰ ਸਮਝਦੇ ਹੋਏ, ਜਾਂਚਕਰਤਾ ਨੂੰ ਇਹ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਜੇਕਰ ਆਵਾਜਾਈ ਜਾਮ ਹੋ ਗਈ ਸੀ ਅਤੇ ਲੋਕਾਂ ਨੂੰ ਮੁਸ਼ਕਲ ਦਾ ਸਾਹਮਣਾ ਕਰਨਾ ਪਿਆ ਸੀ, ਤਾਂ ਕੀ ਪਰੇਸ਼ਾਨ ਰਾਹਗੀਰ ਨੇ ਪੁਲਿਸ ਕੋਲ ਕੋਈ ਰਿਪੋਰਟ ਦਰਜ ਕਰਵਾਈ ਸੀ ? ਕਿਉਂਕਿ ਜੇਕਰ ਕਿਸੇ ਰਾਹਗੀਰ ਨੂੰ ਕੋਈ ਮੁਸ਼ਕਲ ਆਉਂਦੀ ਸੀ ਤਾਂ ਉਸਨੂੰ ਰਿਪੋਰਟ ਦਰਜ ਕਰਵਾਉਣੀ ਚਾਹੀਦੀ ਸੀ। ਆਖ਼ਿਰਕਾਰ, ਵਿਰੋਧ ਦਾ ਹੋਰ ਕਿਹੜਾ ਤਰੀਕਾ ਅਪਣਾਇਆ ਜਾਣਾ ਚਾਹੀਦਾ ਹੈ, ਇਸ ਤੇ ਸਵਾਲ ਉਠਾਉਂਦੇ ਹੋਏ, ਸੀਨੀਅਰ ਵਕੀਲ ਆਰ ਕੇ ਸਿੰਘ ਯਾਦਵ, ਜੋ ਜਨਤਕ ਹਿੱਤ ਲਈ ਆਪਣੇ ਇਰਾਦੇ ਤੇ ਦ੍ਰਿੜ ਹਨ, ਨੇ ਇਹ ਵੀ ਕਿਹਾ ਕਿ ਜਾਂਚ ਵਿੱਚ ਇਹ ਵੀ ਸਪੱਸ਼ਟ ਹੋਣਾ ਚਾਹੀਦਾ ਹੈ ਕਿ ਕਿੱਥੇ, ਕਿਵੇਂ ਅਤੇ ਕਿਸ ਲਈ ਵਿਰੋਧ ਪ੍ਰਦਰਸ਼ਨ ਦੌਰਾਨ ਸੜਕ ਨੂੰ ਕਿੰਨਾ ਨੁਕਸਾਨ ਹੋਇਆ ਸੀ। ਕੀਤਾ ਜਾਣਾ ਚਾਹੀਦਾ ਹੈ।

ਕੁੱਲ ਮਿਲਾ ਕੇ, ਇਸ ਮਾਮਲੇ ਵਿੱਚ ਦੋਸ਼ੀ ਵਕੀਲਾਂ ਵਿਰੁੱਧ ਚਾਰਜਸ਼ੀਟ ਦਾਇਰ ਕਰਨਾ ਬਹੁਤ ਸੌਖਾ ਨਹੀਂ ਮੰਨਿਆ ਜਾ ਸਕਦਾ। ਇਹ ਇਸ ਲਈ ਹੈ ਕਿਉਂਕਿ ਸਭ ਕੁਝ ਲਿਖਤ ਤੇ ਨਿਰਭਰ ਕਰਦਾ ਹੈ ਜੋ ਕੀਤੀ ਜਾਂਦੀ ਹੈ। ਯਾਨੀ, ਦੇਸ਼ ਅਤੇ ਸਮਾਜ ਦੇ ਹਿੱਤ ਵਿੱਚ, ਕਿਸੇ ਵੀ ਯੋਗ ਅਹੁਦੇ ਦੇ ਧਾਰਕ, ਭਾਵੇਂ ਉਹ ਕਾਰਜਪਾਲਿਕਾ, ਵਿਧਾਨਪਾਲਿਕਾ ਜਾਂ ਨਿਆਂਪਾਲਿਕਾ ਤੋਂ ਹੋਵੇ, ਨੂੰ ਕਿਸੇ ਵੀ ਰੂਪ ਵਿੱਚ ਕੁਝ ਵੀ ਹੁਕਮ ਨਹੀਂ ਦੇਣਾ ਚਾਹੀਦਾ, ਕੁਝ ਨਹੀਂ ਕਹਿਣਾ ਚਾਹੀਦਾ, ਕੁਝ ਨਹੀਂ ਲਿਖਣਾ ਚਾਹੀਦਾ ਅਤੇ ਚੁੱਪ ਰਹੋ। ਫਿਰ ਦੁਨੀਆਂ ਨੂੰ ਸੰਭਾਲਿਆ ਨਹੀਂ ਜਾ ਸਕਦਾ। ਸਾਰਾ ਸਿਸਟਮ ਉੱਥੇ ਹੀ ਰੁਕ ਜਾਵੇਗਾ। ਭਾਵ, ਅਮਰ, ਅਵਿਨਾਸ਼ੀ ਅੱਖਰਾਂ ਤੋਂ ਬਣੇ ਸ਼ਬਦਾਂ ਤੋਂ ਬਣੇ ਵਾਕ ਹੀ ਇਸ ਸੰਸਾਰ ਨੂੰ ਲਿਖਣ, ਪੜ੍ਹਨ ਅਤੇ ਬੋਲਣ ਦੇ ਰੂਪ ਵਿੱਚ ਚਲਾਉਂਦੇ ਹਨ, ਜਿਨ੍ਹਾਂ ਦੀ ਵਰਤੋਂ ਕੀਤੇ ਬਿਨਾਂ ਕੋਈ ਵੀ ਕੁਝ ਨਹੀਂ ਕਰ ਸਕਦਾ। ਖੈਰ, ਇਸ ਚਰਚਾ ਦਾ ਨਤੀਜਾ ਕਿਸ ਦੇ ਹੱਕ ਵਿੱਚ ਜਾਂ ਕਿਸ ਦੇ ਵਿਰੁੱਧ ਜਾਵੇਗਾ, ਕਿਉਂਕਿ ਸੰਸਾਰ ਦਾ ਸੰਚਾਲਕ ਅਮਰ, ਅਵਿਨਾਸ਼ੀ ਹੈ, ਅੱਖਰਾਂ ਤੋਂ ਸ਼ਬਦ ਅਤੇ ਸ਼ਬਦਾਂ ਤੋਂ ਵਾਕ ਲਿਖਦਾ ਹੈ। ਮਸ਼ਹੂਰ ਵਕੀਲ ਆਰ.ਕੇ. ਸਿੰਘ ਤੋਂ ਇਲਾਵਾ ਹੋਰ ਕੌਣ ਇਸਦਾ ਸਹੀ ਜਵਾਬ ਦੇ ਸਕੇਗਾ ?

# ਡਿਪਟੀ ਕਮਿਸ਼ਨਰ ਵਲੋਂ ਜਿਲ੍ਹਾ ਮਿਨਰਲ ਫਾਊਂਡੇਸ਼ਨ ਦੀ ਮੀਟਿੰਗ



ਫ਼ਗਵਾੜਾ (ਸੁਸ਼ੀਲ ਸ਼ਰਮਾ) ਡਿਪਟੀ ਕਮਿਸ਼ਨਰ ਸ਼੍ਰੀ ਅਮਿਤ ਕੁਮਾਰ ਪੰਚਾਲ ਦੀ ਅਗਵਾਈ ਹੇਠ ਜਿਲ੍ਹਾ ਮਿਨਰਲ ਫਾਊਂਡੇਸ਼ਨ ਦੀ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵਲੋਂ ਕਪੂਰਥਲਾ ਜਿਲ੍ਹੇ ਵਿਚ ਮਾਈਨਿੰਗ ਦਾ ਜਾਇਜ਼ਾ ਲਿਆ ਗਿਆ।

ਸ਼੍ਰੀ ਪੰਚਾਲ ਨੇ ਕਿਹਾ ਕਿ ਮਾਈਨਿੰਗ ਵਿਭਾਗ ਦੇ ਅਧਿਕਾਰੀ ਲਗਾਤਾਰ ਫੀਲਡ ਦੇ ਦੌਰੇ ਕਰਨ ਤਾਂ ਜੋ ਲੋਕਾਂ ਨੂੰ ਵਾਜਬ ਦਰਾਂ 'ਤੇ ਰੇਤਾ ਆਦਿ ਮੁਹੱਈਆ ਕਰਵਾਉਣ ਦੇ ਨਾਲ-ਨਾਲ ਨਜ਼ਾਇਜ਼ ਮਾਈਨਿੰਗ ਦੀ ਕਿਸੇ ਵੀ ਸੰਭਾਵਨਾ ਨੂੰ ਖਤਮ ਕੀਤਾ ਜਾ ਸਕੇ।

ਉਨ੍ਹਾਂ ਪੁਲਿਸ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਨਜ਼ਾਇਜ਼ ਮਾਈਨਿੰਗ ਰੋਕਣ ਲਈ ਮਾਈਨਿੰਗ ਵਿਭਾਗ ਨੂੰ ਮੁਕੰਮਲ ਸਹਿਯੋਗ ਦਿੱਤਾ ਜਾਵੇ ਤੇ ਲੋੜ ਅਨੁਸਾਰ ਵਿਭਾਗ ਨੂੰ ਸੁਰੱਖਿਆ ਦਸਤਾ ਮੁਹੱਈਆ ਕਰਵਾਇਆ ਜਾਵੇ।

ਲੋਕਾਂ ਦੀ ਸਹੂਲਤ ਲਈ ਰੇਤੇ ਦੀਆਂ ਨਵੀਆਂ ਖੱਡਾਂ ਚਾਲੂ ਕਰਨ ਵਾਸਤੇ ਉਨ੍ਹਾਂ ਕਿਹਾ ਕਿ ਵਿਭਾਗੀ ਅਧਿਕਾਰੀ ਇਸ ਸਬੰਧੀ ਸੰਭਾਵੀ ਖੱਡਾਂ ਦੀ ਨਿਸ਼ਾਨਦੇਹੀ ਕਰਨ। ਉਨ੍ਹਾਂ ਕਿਹਾ ਕਿ ਇਸ ਗੱਲ ਨੂੰ ਯਕੀਨੀ ਬਣਾਇਆ ਜਾਵੇ ਕਿ ਖੁਦਾਈ ਕਾਰਨ ਈਕੋ ਸਿਸਟਮ ਨੂੰ ਕਿਸੇ ਕਿਸਮ ਦਾ ਨੁਕਸਾਨ ਨਾ ਪੁੱਜੇ।

ਉਨ੍ਹਾਂ ਭੱਠਿਆਂ ਵਿਚ ਬਿਜਲੀ ਦੀ ਵਰਤੋਂ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ ਭੱਠਾ ਸਨਅਤ ਸਬੰਧੀ ਦਿਸ਼ਾ ਨਿਰਦੇਸ਼ਾਂ ਨੂੰ ਇੰਨ-ਬਿੰਨ ਲਾਗੂ ਕੀਤਾ ਜਾਵੇ ਤਾਂ ਜੋ ਕਿਸੇ ਕਿਸਮ ਦੇ ਪ੍ਰਦੂਸ਼ਣ ਤੋਂ ਬਚਿਆ ਜਾ ਸਕੇ।

ਡਿਪਟੀ ਕਮਿਸ਼ਨਰ ਨੇ ਇਹ ਵੀ ਕਿਹਾ ਕਿ ਬੀ.ਡੀ.ਪੀ.ਓਜ਼.ਇਹ ਯਕੀਨੀ ਬਣਾਉਣ ਕਿ ਪੰਚਾਇਤੀ ਜ਼ਮੀਨ ਵਿਚੋਂ ਕਿਸੇ ਕਿਸਮ ਦੀ ਗੈਰਕਾਨੂੰਨੀ ਖੁਦਾਈ ਨਾ ਹੋਵੇ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਨਵਨੀਤ ਕੌਰ ਬੱਲ,ਐਸ.ਡੀ.ਐਮ.ਮੇਜਰ ਇਰਵਿਨ ਕੌਰ,ਜਿਲ੍ਹਾ ਮਾਈਨਿੰਗ ਅਫਸਰ ਸਰਤਾਜ ਸਿੰਘ ਤੇ ਹੋਰ ਹਾਜ਼ਰ ਸਨ।

# ਜੀ.ਆਰ.ਡੀ. ਕਾਲਜ ਫਗਵਾੜਾ ਵਿਖੇ ਉਤਸ਼ਾਹ ਨਾਲ ਕਰਵਾਇਆ ਬਸੰਤ ਮਹਾਉਤਸਵ ਸਮਾਗਮ



ਫਗਵਾੜਾ ( ਸੁਸ਼ੀਲ ਸ਼ਰਮਾ ) ਜੀ.ਆਰ.ਡੀ. ਕੋਐਜੁਕੇਸ਼ਨ ਕਾਲਜ ਫਗਵਾੜਾ ਵਿਖੇ ਬਸੰਤ ਨੂੰ ਸਮਰਪਿਤ ਮਹਾਉਤਸਵ ਸਮਾਗਮ ਬੜੇ ਉਤਸ਼ਾਹ ਦੇ ਨਾਲ ਕਰਵਾਇਆ ਗਿਆ। ਸਮਾਗਮ ਦੇ ਸ਼ੁਰੂ ਵਿਚ ਮੈਡਮ ਸੰਦੀਪ ਨੇ ਬਸੰਤ ਦੇ ਮਹੱਤਵ ਬਾਰੇ ਚਾਨਣਾ ਪਾਇਆ। ਉਪਰੰਤ ਬੀ.ਕਾਮ ਸੈਕੇਂਡ ਦੀ ਵਿਦਿਆਰਥਣ ਰਿਤਿਕਾ ਨੇ 'ਬਸੰਤ ਆਈ, ਬਹਾਰ ਆਈ' ਗੀਤ ਦੀ ਖ਼ੂਬਸੂਰਤ ਪੇਸ਼ਕਾਰੀ ਦਿੱਤੀ। ਜਿਸ ਤੋਂ ਬਾਅਦ ਕਾਲੇਜ ਦੇ ਡਾਇਰੈਕਟਰ ਐਜੂਕੇਸ਼ਨ ਡਾ. ਨੀਲਮ ਸੇਠੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਬਸੰਤ ਦੀ ਰੁੱਤ ਨੂੰ ਰੁੱਤਾਂ ਦੀ ਰਾਣੀ ਵੀ ਆਖਿਆ ਜਾਂਦਾ ਹੈ ਕਿਉਂਕਿ ਬਸੰਤ ਤੋਂ ਤੁਰੰਤ ਬਾਅਦ ਹੱਡ ਕੰਬਾਊ ਸਰਦੀ ਤੋਂ ਰਾਹਤ ਮਿਲਦੀ ਹੈ ਅਤੇ ਕੁਦਰਤ ਵਿਚ ਜਾਨ ਪੈ ਜਾਂਦੀ ਹੈ। ਦਰਖਤਾਂ ਅਤੇ ਬੂਟਿਆਂ ਦੇ ਨਵੇਂ ਪੱਤੇ ਚਾਰੇ ਪਾਸੇ ਹਰਿਆਲੀ ਦਾ ਵਾਤਾਵਰਣ ਸਿਰਜਦੇ ਹਨ ਜੋ ਮਨ ਨੂੰ ਖੁਸ਼ੀ ਦਿੰਦਾ ਹੈ। ਉਹਨਾਂ ਨੇ ਆਪਣੀਆਂ ਦੋ ਕਵਿਤਾਵਾਂ 'ਬਸੰਤਾਗਮ' ਤੇ 'ਬਸੰਤ ਬੋਧ' ਵੀ ਹਾਜਰੀਨ ਨਾਲ ਸਾਂਝੀਆਂ ਕੀਤੀਆਂ। ਇਸ ਦੌਰਾਨ ਮਿਸ ਬਸੰਤ ਤੇ ਮਿਸਟਰ ਬਸੰਤ ਪ੍ਰਤਿਯੋਗਿਤਾ ਵੀ ਕਰਵਾਈ ਗਈ। ਜਿਸ ਵਿਚ ਡੀ.ਐਸ.ਟੀ. ਦੀ ਵਿਦਿਆਰਥਣ ਮਨੀਸ਼ਾ ਨੂੰ ਮਿਸ ਬਸੰਤ ਅਤੇ 10+1 ਦੇ ਵਿਦਿਆਰਥੀ ਨਿਤਿਨ ਨੂੰ ਮਿਸਟਰ ਬਸੰਤ ਦੇ ਖਿਤਾਬ ਨਾਲ ਨਵਾਜਿਆ ਗਿਆ। ਅਖੀਰ ਵਿਚ ਪ੍ਰਿੰਸੀਪਲ ਗੁਰਜੀਤ ਕੌਰ ਨੇ ਸਾਰਿਆਂ ਨੂੰ ਬਸੰਤ ਪੰਚਮੀ ਦੀ ਵਧਾਈ ਦਿੱਤੀ ਅਤੇ ਸਹਿਯੋਗ ਲਈ ਸਾਰਿਆਂ ਦਾ ਧੰਨਵਾਦ ਕੀਤਾ।

# ਵਿਦਿਆਰਥੀਆਂ ਵਲੋਂ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਕਪੂਰਥਲਾ ਦਾ ਦੌਰਾ



ਫ਼ਗਵਾੜਾ (ਸੁਸ਼ੀਲ ਸ਼ਰਮਾ) ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵਲੋਂ ਜ਼ਿਲ੍ਹੇ ਦੇ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਲਈ ਇੱਕ ਵਿਸ਼ੇਸ਼ ਕਰੀਅਰ ਗਾਈਡੈਂਸ ਪ੍ਰੋਗਰਾਮਾਂ ਤਹਿਤ ਵਿਦਿਆਰਥੀਆਂ ਨੂੰ ਬਿਊਰੋ ਵਿਖੇ ਬੁਲਾ ਕੇ ਅਧਿਕਾਰੀਆਂ ਵਲੋਂ ਕੈਰੀਅਰ ਸਬੰਧੀ ਗਾਈਡੈਂਸ ਦਿੱਤੀ ਜਾ ਰਹੀ ਹੈ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਜਿਲ੍ਹਾ ਰੋਜ਼ਗਾਰ ਉੱਤਪਤੀ,ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ ਕਪੂਰਥਲਾ ਸ਼੍ਰੀ ਰਾਜਨ ਸ਼ਰਮਾ ਨੇ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ ਸੰਤੁਰ ਇੰਟਰਨੈਸ਼ਨਲ ਪਬਲਿਕ ਸਕੂਲ ਫਗਵਾੜਾ ਦੇ ਵਿਦਿਆਰਥੀਆਂ ਵਲੋਂ ਭਾਗ ਲਿਆ ਗਿਆ। ਜਿਸ ਵਿੱਚ ਵਿਦਿਆਰਥੀਆਂ ਨੂੰ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ,ਕਪੂਰਥਲਾ ਵਲੋਂ ਮੁਹੱਈਆ ਕਰਵਾਈਆ ਜਾਂਦੀਆਂ ਸੇਵਾਵਾਂ ਜਿਵੇਂ ਰਜਿਸਟ੍ਰੇਸ਼ਨ, ਕੈਰੀਅਰ ਕਾਊਂਸਲਿੰਗ,ਹੁਨਰ ਵਿਕਾਸ ਕੋਰਸਾਂ,ਲਾਇਬ੍ਰੇਰੀ, ਪਲੇਸਮੈਂਟ ਅਤੇ ਸਵੈ-ਰੋਜ਼ਗਾਰ ਕੈਂਪਾਂ ਬਾਰੇ ਜਾਣਕਾਰੀ ਮੁਹੱਈਆ ਕਰਵਾਉਣ ਦੇ ਨਾਲ-ਨਾਲ ਆਪਣੇ ਕਰੀਅਰ ਦੇ ਉਦੇਸ਼ ਦੀ ਪ੍ਰਾਪਤੀ ਲਈ ਪਲਾਨਿੰਗ ਕਰਨ,ਲੋੜੀਂਦੀ ਟ੍ਰੇਨਿੰਗ ਲੈਣ ਅਤੇ ਆਪਣਾ ਕਾਰੋਬਾਰ ਸ਼ੁਰੂ ਕਰਨ ਦੇ ਚਾਹਵਾਨ ਪ੍ਰਾਰਥੀਆਂ ਨੂੰ ਸਰਕਾਰੀ ਸਕੀਮਾਂ ਆਦਿ ਦੀ ਜਾਣਕਾਰੀ ਪ੍ਰਾਪਤ ਕਰਨ ਲਈ ਉਤਸ਼ਾਹਿਤ ਕੀਤਾ ਗਿਆ।

ਉਨ੍ਹਾਂ ਵਿਦਿਆਰਥੀਆਂ ਨੂੰ ਵਿਭਾਗ ਦੁਆਰਾ ਚਲਾਏ ਜਾਂਦੇ ਸੀ-ਪਾਈਟ,ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਮੋਹਾਲੀ ਅਤੇ ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਮੋਹਾਲੀ ਬਾਰੇ ਦੱਸਦੇ ਹੋਏ ਸਿਵਲ ਸੇਵਾਵਾਂ ਜਿਵੇਂ ਯੂ.ਪੀ.ਐਸ.ਸੀ ਅਤੇ ਪੀ.ਸੀ.ਐਸ ਆਦਿ ਬਾਰੇ ਵੀ ਜਾਣਕਾਰੀ ਮੁਹੱਈਆ ਕਰਵਾਈ ਗਈ ਅਤੇ ਵਿਦੇਸ਼ ਜਾਣ ਦੇ ਚਾਹਵਾਨ ਵਿਦਿਆਰਥੀਆਂ ਨੂੰ ਵੀ ਯੋਗ ਜਾਣਕਾਰੀ ਦਿੱਤੀ ਗਈ।

ਇਸ ਮੌਕੇ ਵਿਦਿਆਰਥੀਆਂ ਨੂੰ ਵਿਭਾਗ ਦੇ ਪੋਰਟਲ ਪੀ.ਜੀ.ਆਰ.ਕੇ.ਏ.ਐਮ.ਤੇ ਵੀ ਰਜਿਸਟਰ ਕੀਤਾ ਗਿਆ ਅਤੇ ਪੂਰੇ ਬਿਊਰੋ ਦੀ ਵਿਜ਼ਟ ਕਰਵਾਈ ਗਈ।

ਉਨ੍ਹਾਂ ਕਿਹਾ ਕਿ ਵਿਦਿਆਰਥੀ ਕੈਰੀਅਰ ਸਬੰਧੀ ਕਿਸੇ ਤਰ੍ਹਾਂ ਦੀ ਮਦਦ ਜਾਂ ਜਾਣਕਾਰੀ ਲਈ ਕੰਮ ਕਾਜ ਵਾਲੇ ਦਿਨ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਪੰਜਵੀ ਮੰਜਿਲ, ਨਵਾਂ ਪ੍ਰਬੰਧਕੀ ਕੰਪਲੈਕਸ,ਕਪੂਰਥਲਾ ਵਿਖੇ ਪਹੁੰਚ ਕੇ ਜਾਂ ਹੈਲਪਲਾਈਨ ਨੰਬਰ 9888219247 ਤੇ ਸੰਪਰਕ ਕਰ ਸਕਦੇ ਹਨ।

# ਫਗਵਾੜਾ ਇਨਵਾਇਰਨਮੈਂਟ ਐਸੋਸੀਏਸ਼ਨ ਨੇ ਵਿਸ਼ਵ ਵੈਟਲੈਂਡ ਦਿਵਸ ਮੌਕੇ ਕਰਵਾਈ ਜਲਗਾਹਾਂ ਦੀ ਸੈਰ




ਫਗਵਾੜਾ ( ਸੁਸ਼ੀਲ ਸ਼ਰਮਾ ) ਫਗਵਾੜਾ ਇਨਵਾਇਰਨਮੈਂਟ ਐਸੋਸੀਏਸ਼ਨ ਵਲੋਂ ਹਰ ਸਾਲ ਦੀ ਤਰ੍ਹਾਂ ਵਿਸ਼ਵ ਵੈਟਲੈਂਡ ਦਿਵਸ ਐਸੋਸੀਏਸ਼ਨ ਦੇ ਪ੍ਰਧਾਨ ਕੇ.ਕੇ. ਸਰਦਾਨਾ ਦੇ ਨਿਰਦੇਸ਼ਾਂ ਅਨੁਸਾਰ ਸਕੱਤਰ ਮਲਕੀਤ ਸਿੰਘ ਰਘਬੋਤਰਾ ਦੀ ਅਗਵਾਈ ਅਤੇ ਆਰਿਆ ਮਾਡਲ ਸੀਨੀਅਰ ਸੈਕੇਂਡਰੀ ਸਕੂਲ ਤੇ ਸ਼ਾਲਨੀ ਗਰੁੱਪ ਦੇ ਸਹਿਯੋਗ ਨਾਲ ਮਨਾਇਆ। ਇਸ ਦੌਰਾਨ ਵਿਦਿਆਰਥੀਆਂ ਨੂੰ ਕਾਂਜਲੀ ਵੈਟਲੈਂਡ ਤੋਂ ਇਲਾਵਾ ਸ਼੍ਰੀ ਗੁਰੂ ਨਾਨਕ ਦੇਵ ਜੀ ਜੈਵਿਕ ਵਿਭਿੰਨਤਾ ਬਗੀਚੇ ਦੀ ਸੈਰ ਕਰਵਾਈ ਗਈ। ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ 550 ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਕੇ 8 ਏਕੜ ਜਗ੍ਹਾ 'ਚ ਬਣਾਏ ਗਏ ਜੈਵਿਕ ਵਿਭਿੰਨਤਾ ਬਗੀਚੇ ਵਿਚ ਵੱਖ-ਵੱਖ ਕਿਸਮਾਂ ਦੇ ਫਲ, ਫੁੱਲ ਅਤੇ ਦਰਖ਼ਤਾਂ ਤੋਂ ਇਲਾਵਾ ਕੁਦਰਤੀ ਜਲਗਾਹਾਂ, ਜਿਹਨਾਂ ਵਿਚ ਵਿਚਰਦੇ ਵੱਖ-ਵੱਖ ਕਿਸਮਾਂ ਦੇ ਪੰਛੀ ਤੇ ਕੀੜੇ-ਮਕੌੜੇ ਜਿੱਥੇ ਵਾਤਾਵਰਣ ਨੂੰ ਖ਼ੂਬਸੂਰਤ ਬਣਾਉਂਦੀਆਂ ਹਨ, ਉੱਥੇ ਹੀ ਜੈਵਿਕ ਵਿਭਿੰਨਤਾ ਦੀ ਮੂੰਹ ਬੋਲਦੀ ਤਸਵੀਰ ਵੀ ਪੇਸ਼ ਕਰਦੇ ਹਨ। ਵਿਦਿਆਰਥੀਆਂ ਲਈ ਇਹ ਤਜ਼ੁਰਬਾ ਬਹੁਤ ਹੀ ਗਿਆਨ ਭਰਪੂਰ ਰਿਹਾ। ਇਸ ਦੌਰਾਨ ਮਾਸਟਰ ਗੁਰਮੀਤ ਸਿੰਘ ਨੈਸ਼ਨਲ ਅਵਾਰਡੀ ਨੇ ਜਲਗਾਹਾਂ ਦੇ ਮਹੱਤਵ ਬਾਰੇ ਚਾਨਣਾ ਪਾਇਆ ਅਤੇ ਦੱਸਿਆ ਕਿ ਜਲਗਾਹਾਂ ਰਾਹੀਂ ਧਰਤੀ ਆਪਣੇ ਅੰਦਰ ਪਾਣੀ ਸੋਖਦੀ ਹੈ। ਜਿਸ ਨਾਲ ਧਰਤੀ ਹੇਠਲੇ ਪਾਣੀ ਦਾ ਪੱਧਰ ਉੱਚਾ ਹੁੰਦਾ ਹੈ ਤੇ ਪਾਣੀ ਕੁਦਰਤੀ ਤੌਰ ਤੇ ਸਾਫ ਹੋ ਜਾਂਦਾ ਹੈ। ਉਹਨਾਂ ਪਿੰਡਾਂ ਵਿਚਲੇ ਪੂਰ ਦਿੱਤੇ ਗਏ ਛੱਪੜਾਂ ਨੂੰ ਮੁੜ ਸੁਰਜੀਤ ਕਰਨ ਦੀ ਮੰਗ ਵੀ ਸਰਕਾਰ ਤੋਂ ਕੀਤੀ। ਅਖੀਰ ਵਿਚ ਕ੍ਰਿਸ਼ਨ ਕੁਮਾਰ ਨੇ ਸਹਿਯੋਗ ਲਈ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਮੋਹਨ ਲਾਲ ਤਨੇਜਾ, ਸੁਧਾ ਬੇਦੀ, ਰੂਪ ਲਾਲ, ਏ.ਪੀ. ਕੋਛੜ, ਮੋਨਿਕਾ, ਆਂਚਲ ਆਦਿ ਹਾਜਰ ਸਨ।

# ਮੇਅਰ ਰਾਮਪਾਲ ਉੱਪਲ ਦਾ ਦਲਜੀਤ ਸਿੰਘ ਰਾਜੂ ਦੇ ਗ੍ਰਹਿ ਵਿਖੇ ਪੁੱਜਣ ਤੇ ਹੋਇਆ ਨਿੱਘਾ ਸਵਾਗਤ





ਫਗਵਾੜਾ ( ਸੁਸ਼ੀਲ ਸ਼ਰਮਾ ) ਨਗਰ ਨਿਗਮ ਫਗਵਾੜਾ ਦੇ ਨਵ ਨਿਯੁਕਤ ਮੇਅਰ ਰਾਮਪਾਲ ਉੱਪਲ ਦਾ ਅੱਜ ਸੀਨੀਅਰ ਆਪ ਆਗੂ ਦਲਜੀਤ ਸਿੰਘ ਰਾਜੂ ਦੇ ਗ੍ਰਹਿ ਦਰਵੇਸ਼ ਪਿੰਡ ਪੁੱਜਣ ਤੇ ਨਿੱਘਾ ਸਵਾਗਤ ਕੀਤਾ ਗਿਆ। ਇਸ ਦੌਰਾਨ ਦਲਜੀਤ ਸਿੰਘ ਰਾਜੂ ਤੋਂ ਇਲਾਵਾ ਸਰਪੰਚ ਅਮਰਜੀਤ ਸਿੰਘ ਟਿੰਮਾ ਦਰਵੇਸ਼ ਪਿੰਡ ਅਤੇ ਹੋਰਨਾਂ ਨੇ ਨਗਰ ਨਿਗਮ ਵਿੱਚ ਮੇਅਰ ਦੀ ਚੋਣ ਸਮੇਂ ਹੋਈ ਇਤਿਹਾਸਿਕ ਅਤੇ ਯਾਦਗਾਰ ਜਿੱਤ ਦੀ ਖੁਸ਼ੀ ਵਿੱਚ ਨਵ ਨਿਯੁਕਤ ਮੇਅਰ ਰਾਮ ਪਾਲ ਉੱਪਲ ਅਤੇ ਉਹਨਾਂ ਦੇ ਨਾਲ ਪਹੁੰਚੇ ਪਵਨ ਸ਼ਰਮਾ ਪੱਪੀ ਤੇ ਬੋਬੀ ਬੇਦੀ ਦਾ ਮੂੰਹ ਮਿੱਠਾ ਕਰਵਾਇਆ। ਮੇਅਰ ਰਾਮਪਾਲ ਉੱਪਲ ਨੇ ਦਲਜੀਤ ਸਿੰਘ ਰਾਜੂ ਦਾ ਮੇਅਰ ਦੀ ਚੋਣ ਤੋਂ ਪਹਿਲਾਂ ਕੌਂਸਲਰਾਂ ਨੂੰ ਉਹਨਾਂ ਦੇ ਸਮਰਥਨ ਹਿਤ ਪ੍ਰੇਰਿਤ ਕਰਨ ਲਈ ਤਹਿ ਦਿਲੋਂ ਧੰਨਵਾਦ ਕੀਤਾ। ਨਾਲ ਹੀ ਉਹਨਾਂ ਭਰੋਸਾ ਦਿੱਤਾ ਕਿ ਬਤੌਰ ਮੇਅਰ ਉਹ ਫਗਵਾੜਾ ਦੇ ਹਰੇਕ ਵਾਰਡ ਦਾ ਸਮੁੱਚਾ ਵਿਕਾਸ ਬਿਨਾ ਕਿਸੇ ਪੱਖਪਾਤ ਤੋਂ ਕਰਵਾਉਣਗੇ। ਇਸ ਦੌਰਾਨ ਦਲਜੀਤ ਸਿੰਘ ਰਾਜੂ ਨੇ ਕਿਹਾ ਕਿ ਆਮ ਆਦਮੀ ਪਾਰਟੀ ਲਈ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਫਗਵਾੜਾ ਕਾਰਪੋਰੇਸ਼ਨ 'ਤੇ ਆਪ ਪਾਰਟੀ ਦਾ ਝੰਡਾ ਲਹਿਰਾਇਆ ਹੈ। ਹੁਣ ਫਗਵਾੜਾ ਸ਼ਹਿਰ ਨੂੰ ਮੁੱਖ ਮੰਤਰੀ ਭਗਵੰਤ ਮਾਨ, ਹਲਕਾ ਮੈਂਬਰ ਪਾਰਲੀਮੈਂਟ ਡਾ. ਰਾਜਕੁਮਾਰ ਚੱਬੇਵਾਲ ਅਤੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਦੇ ਸਹਿਯੋਗ ਨਾਲ ਮਾਡਲ ਸਿਟੀ ਵਜੋਂ ਵਿਕਸਿਤ ਕੀਤਾ ਜਾਵੇਗਾ। ਇਸ ਮੌਕੇ ਅਮਰੀਕ ਸਿੰਘ ਮੀਕਾ, ਸਿਮਰਨ ਕੁਮਾਰ, ਰੂਪ ਲਾਲ ਝੱਲੀ, ਪਿੰਕਾ ਠੇਕੇਦਾਰ, ਕਰਨ ਉੱਪਲ, ਸੁਖਵਿੰਦਰ ਕੁਮਾਰ ਘਾਰੂ ਆਦਿ ਹਾਜਰ ਸਨ।

# ਸ਼੍ਰੋਮਣੀ ਅਕਾਲੀ ਦਲ ਦੇ ਸਿਪਾਹੀ ਹਾਂ, ਕਾਂਗਰਸੀ ਮੇਅਰ ਦਾ ਸਮਰਥਨ ਕਰਨ ਬਾਰੇ ਸੋਚ ਵੀ ਨਹੀਂ ਸਕਦੇ - ਕਮਲਜੀਤ ਕੋਰ

ਫਗਵਾੜਾ ( ਸੁਸ਼ੀਲ ਸ਼ਰਮਾ ) ਸੀਨੀਅਰ ਕਾਂਗਰਸੀ ਆਗੂ ਸੰਜੀਵ ਬੁੱਗਾ ਵਲੋਂ ਫਗਵਾੜਾ ਕਾਰਪੋਰੇਸ਼ਨ ਦੇ ਨਵੇਂ ਚੁਣੇ ਗਏ ਕੌਂਸਲਰਾਂ ਦੀ ਮੀਟਿੰਗ ਦੌਰਾਨ ਮੇਅਰ ਦੀ ਚੋਣ ਕਰਨ ਸਮੇਂ ਵਾਰਡ ਨੰਬਰ 9 ਦੀ ਅਕਾਲੀ ਕੌਂਸਲਰ ਕਮਲਜੀਤ ਕੌਰ ਦੇ ਕਾਂਗਰਸ ਪਾਰਟੀ ਦੇ ਮੇਅਰ ਲਈ ਹੱਥ ਖੜਾ ਕਰਨ ਦੀ ਮੀਡੀਆ ਵਿਚ ਕੀਤੀ ਜਾ ਰਹੀ ਬਿਆਨਬਾਜੀ ਦੀ ਸਖ਼ਤ ਨਖੇਧੀ ਕਰਦਿਆਂ ਅੱਜ ਕੌਂਸਲਰ ਕਮਲਜੀਤ ਕੌਰ ਅਤੇ ਉਹਨਾਂ ਦੇ ਪਤੀ ਕੁਲਵਿੰਦਰ ਸਿੰਘ ਕਿੰਦਾ ਸਾਬਕਾ ਕੌਂਸਲਰ ਨੇ ਕਿਹਾ ਕਿ ਇਹ ਬਿਲਕੁਲ ਝੂਠੀ ਤੇ ਬੇਬੁਨਿਯਾਦ ਬਿਆਨਬਾਜੀ ਹੈ। ਉਹਨਾਂ ਕਿਹਾ ਕਿ ਕਾਂਗਰਸ ਪਾਰਟੀ ਦੇ ਮੇਅਰ ਦਾ ਸਮਰਥਨ ਕਰਨ ਬਾਰੇ ਉਹ ਕਦੇ ਸੋਚ ਵੀ ਨਹੀਂ ਸਕਦੇ। ਕਿਉਂਕਿ ਕਾਂਗਰਸ ਪਾਰਟੀ ਉਹ ਸਿਆਸੀ ਜਮਾਤ ਹੈ ਜਿਸਨੇ 1984 'ਚ ਸ਼੍ਰੀ ਦਰਬਾਰ ਸਾਹਿਬ ਤੇ ਹਮਲਾ ਕਰਵਾਇਆ ਅਤੇ ਝੂਠੇ ਪੁਲਿਸ ਮੁਕਾਬਲਿਆਂ ਵਿਚ ਬੇਕਸੂਰ ਸਿੱਖ ਨੌਜਵਾਨਾਂ ਦੇ ਕਤਲ ਕਰਵਾਏ ਹਨ। ਸਾਬਕਾ ਕੌਂਸਲਰ ਕਿੰਦਾ ਨੇ ਕਿਹਾ ਕਿ ਉਹਨਾਂ ਦਾ ਪਰਿਵਾਰ ਸ਼੍ਰੋਮਣੀ ਅਕਾਲੀ ਦਲ ਦਾ ਸਿਪਾਹੀ ਹੈ ਤੇ ਉਹਨਾਂ ਦੇ ਵਾਰਡ ਦੇ ਜਿਆਦਾਤਰ ਵੋਟਰ ਸਿੱਖ ਪੰਥ 'ਚ ਆਸਥਾ ਅਤੇ ਸ਼੍ਰੋਮਣੀ ਅਕਾਲੀ ਦਲ (ਬ) 'ਚ ਵਿਸ਼ਵਾਸ ਰੱਖਦੇ ਹਨ। ਇਸ ਲਈ ਉਹਨਾਂ ਦਾ ਪਰਿਵਾਰ ਕਦੇ ਵੀ ਕਾਂਗਰਸ ਪਾਰਟੀ ਦਾ ਸਮਰਥਨ ਕਰਕੇ ਸਿੱਖ ਪੰਥ ਅਤੇ ਆਪਣੇ ਵਾਰਡ ਦੇ ਵੋਟਰਾਂ ਨਾਲ ਵਿਸ਼ਵਾਸਘਾਤ ਨਹੀਂ ਕਰ ਸਕਦਾ। ਉਹਨਾਂ ਨੇ ਕਿਹਾ ਕਿ ਦਰਅਸਲ ਸੰਜੀਵ ਬੁੱਗਾ ਤੇ ਕਾਂਗਰਸ ਪਾਰਟੀ ਦੇ ਲੀਡਰ ਮੇਅਰ ਨਾ ਬਣਾ ਸਕਣ ਦੀ



ਵਜ੍ਹਾ ਨਾਲ ਨਿਰਾਸ਼ ਹਨ ਤੇ ਆਪਣਾ ਦਿਮਾਗੀ ਸੰਤੁਲਨ ਗੁਆ ਚੁੱਕੇ ਹਨ। ਅਤੇ ਜਿਸ ਕਰਕੇ ਇਸ ਤਰ੍ਹਾਂ ਦੀ ਝੂਠੀ ਬਿਆਨਬਾਜੀ ਕਰਕੇ ਆਪਣੀ ਸਿਆਸੀ ਸਾਖ ਤੇ ਰਸੂਖ ਨੂੰ ਬਚਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਪਰ ਇਸ ਕੋਸ਼ਿਸ਼ ਵਿਚ ਉਹਨਾਂ ਦੇ ਪਰਿਵਾਰ ਨੂੰ ਇਸਤੇਮਾਲ ਕਰਨਾ ਸਰਾਸਰ ਗਲਤ ਹੈ।

# ਸਿਵਲ ਸਰਜਨ ਵਲੋਂ ਜ਼ਿਲ੍ਹਾ ਹਸਪਤਾਲ ਵਿਖੇ ਕੀਤੀ ਅਚਨਚੇਤ ਚੈਕਿੰਗ




ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਸਰਕਾਰ ਦੀਆਂ ਹਿਦਾਇਤਾਂ ਅਨੂਸਾਰ ਸਿਵਲ ਸਰਜਨ ਡਾ.ਕਿਰਨਦੀਪ ਕੌਰ ਵਲੋਂ ਆਮ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਵਾਓਣ ਲਈ ਜਿਲਾ ਹਸਪਤਾਲ ਅੰਮ੍ਰਿਤਸਰ ਵਿਖੇ ਅਚਨਚੇਤ ਚੈਕਿੰਗ ਕੀਤੀ ਗਈ। ਇਸ ਚੈਕਿੰਗ ਦੌਰਾਨ ਉਹਨਾਂ ਵਲੋਂ ਓ.ਪੀ.ਡੀ.ਵਿੱਚ ਭੀੜ ਅਤੇ ਲੰਬੀਆਂ ਕਤਾਰਾਂ ਦੇ ਹੱਲ ਸਬੰਧੀ ਇੱਕ ਹੋਰ ਕਾਊਂਟਰ ਲਗਾਉਣ ਲਈ ਹਿਦਾਇਤ ਕੀਤੀ ਗਈ।ਇਸ ਤੋਂ ਇਲਾਵਾ ਗਾਇਨੀ ਓ.ਪੀ.ਡੀ.ਵਾਰਡਾਂ, ਐਕਸ-ਰੇ, ਲੇਬਰ ਰੂਮ, ਬੱਲਡ ਬੈਂਕ,ਲੈਬ, ਐਮ.ਸੀ.ਐਚ. ਵਿਭਾਗ,ਦਵਾਈਆਂ ਦਾ ਸਟਾਕ ਅਤੇ ਅਪ੍ਰੇਸ਼ਨ ਥੀਏਟਰ ਵਿਚ ਜਾ ਕੇ ਜਾਂਚ ਕੀਤੀ ਅਤੇ ਮਰੀਜਾਂ ਪਾਸੋਂ ਮੁਫਤ ਦਵਾਈਆਂ,ਲੈਬ ਟੈਸਟ, ਐਕਸ ਰੇ,ਦੀਆਂ ਸਹੂਲਤਾਂ ਸੰਬਧੀ ਪੁਛ-ਪੜਤਾਲ ਕੀਤੀ ਗਈ। ਇਸਤੋਂ ਇਲਾਵਾ ਸਟਾਫ ਦੀ ਹਾਜਰੀ ਬਾਰੇ ਬੜੇ ਵਿਸਥਾਰ ਵਾਲ ਜਾਂਚ ਕੀਤੀ। ਜਿਸ ਦੌਰਾਨ ਕੁਝ ਲੇਟ ਪੁਹੰਚੇ ਕਰਮਚਾਰੀਆਂ ਨੂੰ ਸਖਤ ਤਾੜਨ ਕੀਤੀ ਗਈ। ਉਨਾ ਸਮੂਹ ਸਟਾਫ ਅਤੇ ਡਾਕਟਰਾਂ ਨੂੰ ਹਦਾਇਤ ਕੀਤੀ ਕਿ ਸਾਰੀਆਂ ਦਵਾਈਆਂ ਹਸਪਤਾਲ ਵਿਚੋਂ ਹੀ ਉਪਲੱਬਧ ਕਰਵਾਈਆਂ ਜਾਣ। ਸਾਫ ਸਫਾਈ ਦਾ ਧਿਆਨ ਰੱਖਿਆ ਜਾਵੇ। ਸਮੇਂ ਦੇ ਪਾਬੰਦ ਰਹਿਆ ਜਾਵੇ ਅਤੇ ਸੇਵਾ ਭਾਵਨਾਂ ਨਾਲ ਕੰਮ ਕੀਤਾ ਜਾਵੇ। ਇਸ ਚੈਕਿੰਗ ਦੌਰਾਨ ਸੀਨੀਅਰ ਮੈਡੀਕਲ ਅਫਸਰ ਡਾ.ਸਵਰਨਜੀਤ ਧਵਨ ਡਾ.ਰਸ਼ਮੀ ਵਿਜ,ਅਮਰਦੀਪ ਸਿੰਘ ਵੀ ਮੌਜੂਦ ਸਨ।

# ਸਿਹਤ ਵਿਭਾਗ ਦੇ ਐਨ.ਪੀ.ਐਸ.ਪੀੜਿਤ ਮੁਲਾਜਮਾਂ ਨੇ ਯੂ.ਪੀ. ਐਸ.ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ

ਫ਼ਗਵਾੜਾ (ਸੁਸ਼ੀਲ ਸ਼ਰਮਾ) ਕੇਂਦਰ ਸਰਕਾਰ ਵਲੋਂ ਏਕੀਕ੍ਰਿਤ ਪੈਨਸ਼ਨ ਯੋਜਨਾ (ਯੂ. ਪੀ.ਐਸ.) ਦਾ ਨੋਟੀਫਿਕੇਸ਼ਨ ਬੀਤੇ 25 ਜਨਵਰੀ ਨੂੰ ਜਾਰੀ ਹੋਣ ਤੇ ਕਰਮਚਾਰੀਆਂ ਨੇ ਕੇਂਦਰ ਸਰਕਾਰ ਦਾ ਇਸ ਨੂੰ ਇਕ ਹੋਰ ਧੋਖਾ ਕੀਤਾ। ਇਸ ਨੋਟੀਫਿਕੇਸ਼ਨ ਦੇ ਵਿਰੋਧ ਵਜੋਂ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਦੇ ਸੱਦੇ ਤੇ ਸਰਕਾਰੀ ਮੈਡੀਕਲ ਕਾਲਜ ਅੰਮ੍ਰਿਤਸਰ ਵਿਖੇ ਯੂਨੀਫਾਈਡ ਪੈਨਸ਼ਨ ਸਕੀਮ ਦੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ ਗਈਆਂ। ਇਸ ਸਮੇਂ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਆਗੂ ਜਤਿਨ ਸ਼ਰਮਾ,ਨਰਿੰਦਰ ਸਿੰਘ ਪ੍ਰਧਾਨ ਨੇ ਦੱਸਿਆ ਕਿ ਬੀਤੇ ਦਿਨੀ ਕੇਂਦਰ ਸਰਕਾਰ ਨੇ ਯੂਨੀਫਾਈਡ ਐਨ.ਪੀ.ਐਸ.ਪੀੜਿਤ ਮੁਲਾਜਮਾਂ ਨੇ ਯ.ਪੀ. ਐ. ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ।



ਇਸ ਸਮੇਂ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਆਗੂਆਂ ਨੇ ਦੱਸਿਆ ਕਿ ਬੀਤੇ ਦਿਨੀ ਕੇਂਦਰ ਸਰਕਾਰ ਨੇ ਯੂਨੀਫਾਈਡ ਪੈਨਸ਼ਨ ਸਕੀਮ ਦੀ ਜੋ ਐਸ.ਓ.ਪੀ.ਜਾਰੀ ਕੀਤੀ ਹੈ,ਉਹ ਬਹੁਤ ਹੀ ਘਾਤਕ ਹੈ ਕਿਉਂਕਿ ਉਪਰੋਕਤ ਸਕੀਮ ਦੇ ਅਨੁਸਾਰ ਸਰਕਾਰ ਮੁਲਾਜ਼ਮਾਂ ਦਾ ਪੈਸਾ ਹੜੱਪ ਕੇ ਮੁਲਾਜ਼ਮਾਂ ਨੂੰ ਪੈਨਸ਼ਨ ਦੇਣਾ ਚਾਹੁੰਦੀ ਹੈ। ਉਹਨਾਂ ਕਿਹਾ ਇਸ ਸਕੀਮ ਨਾਲ ਮੁਲਾਜ਼ਮ ਨੂੰ ਰਿਟਾਇਰਮੈਂਟ ਤੋਂ ਬਾਅਦ ਖਾਲੀ ਹੱਥ ਘਰ ਨੂੰ ਤੋਰਨ ਦੀ ਸਕੀਮ ਹੈ,ਇਸ ਸਕੀਮ ਨੂੰ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਪੈਨਸ਼ਨ ਦੇ ਨਾਂ ਤੇ ਕਰਮਚਾਰੀਆਂ ਦੀ ਖ਼ੂਨ ਪਸੀਨੇ ਦੀ ਕਮਾਈ ਖੋਹਣ ਵਾਲੀ ਯੋਜਨਾ ਦਾ ਆਉਣ ਵਾਲੀ 4 ਫਰਵਰੀ ਨੂੰ ਇਸ ਨੋਟੀਫਿਕੇਸ਼ਨ ਦੀਆਂ ਕਾਪੀਆਂ ਫੂਕ ਕੇ ਵਿਰੋਧ ਦਰਜ ਕਰਵਾਇਆ ਗਿਆ। ਜਿਸ ਵਿੱਚ ਪੰਜਾਬ ਦੇ ਸਮੂਹ ਨਵੀਂ ਪੈਨਸ਼ਨ ਸਕੀਮ ਅਧੀਨ ਆਉਂਦੇ ਮੁਲਾਜ਼ਮ ਨੇ ਭਾਗ ਲਿਆ।

ਆਗੂਆਂ ਨੇ ਦੱਸਿਆ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਨੋਟੀਫਿਕੇਸ਼ਨ ਤਾਂ ਕਰ ਦਿੱਤਾ ਹੈ ਪਰ ਅਜੇ ਤੱਕ ਪੰਜਾਬ ਸਰਕਾਰ ਨੇ ਇਸ ਨੋਟੀਫਿਕੇਸ਼ਨ ਨੂੰ ਲਾਗੂ ਨਹੀਂ ਕੀਤਾ। ਹਿਮਾਚਲ ਸਰਕਾਰ ਨੇ ਜੋ ਓ.ਪੀ.ਐਸ.ਆਪਣੇ ਰਾਜ ਵਿੱਚ ਲਾਗੂ ਕੀਤੀ ਹੈ ਉਸ ਨਾਲ ਰਾਜ ਉੱਪਰ ਕੋਈ ਵਿੱਤੀ ਬੋਝ ਨਹੀਂ ਪਿਆ ਹੈ। ਇਸ ਕਰਕੇ ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਪੰਜਾਬ ਵਿੱਚ ਓ.ਪੀ.ਐਸ. ਲਾਗੂ ਕਰੇ ਅਤੇ ਤੁਰੰਤ ਜੀ.ਪੀ.ਐਫ.ਖਾਤੇ ਖੋਲੇ 9

ਇਸ ਮੌਕੇ ਲਵਪ੍ਰੀਤ ਸਿੰਘ,ਰਾਹੁਲ,ਗੁਰਮੀਤ ਸਿੰਘ,ਵਿਨੋਦ ਕੁਮਾਰ ,ਸੁਖਦੇਵ ਸਿੰਘ,ਅਮਰਜੀਤ ਸਿੰਘ,ਰਵਿੰਦਰ ਸਿੰਘ,ਰਾਕੇਸ਼ ਕੁਮਾਰ ,ਤਰਸੇਮ,ਮਨਦੀਪ ਸਿੰਘ,ਸ਼ਮਸ਼ੇਰ ਸਿੰਘ ਆਦਿ ਸਾਥੀ ਹਾਜ਼ਰ ਸਨ।

# ਕਮਿਊਨਿਟੀ ਹੈਲਥ ਸੈਂਟਰ,ਬੜਾ ਪਿੰਡ ਵੱਲੋ ਵਿਸ਼ਵ ਕੈਂਸਰ ਦਿਵਸ ਮਨਾਇਆ ਗਿਆ



ਫ਼ਗਵਾੜਾ-ਬੜਾ ਪਿੰਡ (ਸੁਸ਼ੀਲ ਸ਼ਰਮਾ) ਸਿਵਲ ਸਰਜਨ ਡਾ.ਗੁਰਮੀਤ ਲਾਲ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਅੱਜ ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਵੱਲੋਂ ਲੋਕਾਂ ਵਿੱਚ ਜਾਗਰੂਕਤਾ ਫੈਲਾਉਣ ਅਤੇ ਇਸ ਗੰਭੀਰ ਬਿਮਾਰੀ ਦੇ ਖਿਲਾਫ਼ ਲੜਾਈ ਨੂੰ ਮਜ਼ਬੂਤ ਕਰਨ ਦੇ ਟੀਚੇ ਨਾਲ ਵਿਸ਼ਵ ਕੈਂਸਰ ਦਿਵਸ ਬਲਾਕ ਅਧੀਨ ਸਿਹਤ ਕੇਂਦਰਾ ਵਿੱਚ ਮਨਾਇਆ ਗਿਆ।

ਕੈਂਸਰ ਸਬੰਧੀ ਜਾਣਕਾਰੀ ਦਿੰਦੇ ਹੋਏ ਸੀਨੀਅਰ ਮੈਡੀਕਲ ਅਫਸਰ ਡਾ.ਅਮਿਤਾ ਲੂਨਾ ਨੇ ਦੱਸਿਆ ਕਿ ਕੈਂਸਰ ਦੀ ਬਿਮਾਰੀ ਵਿਸ਼ਵ ਵਿੱਚ ਮੌਤਾਂ ਦਾ ਵੱਡਾ ਕਾਰਣ ਕੈਂਸਰ ਬਣਦੀ ਜਾ ਰਹੀ ਹੈ। ਉਨ੍ਹਾਂ ਦੱਸਿਆ ਇਕ ਆਂਕੜੇ ਅਨੁਸਾਰ ਹਰ ਸਾਲ ਭਾਰਤ ਵਿੱਚ 8 ਲੱਖ ਲੋਕ ਇਸ ਬਿਮਾਰੀ ਕਾਰਣ ਆਪਣੀ ਜਾਨ ਗੁਵਾ ਬੈਠਦੇ ਹਨ। ਉਨ੍ਹਾਂ ਕਿਹਾ ਕਿ ਤਕਰੀਬਨ 27 ਲੱਖ ਲੋਕ ਇਸ ਬਿਮਾਰੀ ਤੋਂ ਭਾਰਤ ਵਿੱਚ ਪੀੜਤ ਹਨ। ਕੈਂਸਰ ਦੀ ਬਿਮਾਰੀ ਨੂੰ ਰੋਕਣ ਲਈ ਸਮੇਂ ਸਿਰ ਜਾਂਚ ਦੇ ਉਪਰ ਜੋਰ ਦਿੱਤਾ। ਬਲਾਕ ਐਜੂਕੇਟਰ ਪ੍ਰੀਤਇੰਦਰ ਸਿੰਘ ਨੇ ਕਿਹਾ ਕਿ 22 ਫੀਸਦੀ ਕੈਂਸਰ ਦੀਆਂ ਮੌਤਾਂ ਤੰਬਾਕੂ ਦੇ ਸੇਵਨ ਕਾਰਣ ਅਤੇ 10 ਫੀਸਦੀ ਕੈਂਸਰ ਦਾ ਕਾਰਨ ਮੋਟਾਪਾ ਬਣਦਾ ਹੈ। ਲੋੜ ਹੈ ਸਿਹਤਮੰਦ ਜੀਵਨ ਸ਼ੈਲੀ ਅਪਨਾਉਣ ਦੀ। ਸਰਕਾਰ ਵਲੋਂ ਗੈਰ ਸੰਚਾਰੀ ਰੋਗਾਂ ਦੇ ਸਬੰਧ ਦੇ ਵਿੱਚ ਇੱਕ ਵਿਸ਼ੇਸ਼ ਪ੍ਰੋਗਰਾਮ ਚਲਾਇਆ ਜਾ ਰਿਹਾ ਹੈ। ਕੈਂਸਰ ਦੇ ਮਰੀਜਾਂ ਨੂੰ 1.50 ਲੱਖ ਰੁਪਏ ਤੱਕ ਦੇ ਮੁਫਤ ਇਲਾਜ ਦੀ ਸਹੂਲਤ ਮੁੱਖ ਮੰਤਰੀ ਰਾਹਤ ਕੋਸ਼ ਵਿਚ ਦਿੱਤੀ ਜਾ ਰਹੀ ਹੈ। ਇਸ ਮੌਕੇ ਤੇ ਏਨਮ ਸੁਨੀਤਾ ਅਤੇ ਸਕੂਲ ਦਾ ਸਮੂਹ ਸਟਾਫ਼ ਮੌਜੂਦ ਸੀ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਸਰਕਾਰੀ ਸਕੂਲ ਬਲ ਕਲਾਂ ਵਿਖੇ ਲਗਾਇਆ ਮੁ.ਫਤ ਕੈਂਸਰ ਜਾਗਰੂਕਤਾ ਅਤੇ ਸਿਹਤ ਜਾਂਚ ਕੈਂਪ

ਫ਼ਗਵਾੜਾ (ਸੁਸ਼ੀਲ ਸ਼ਰਮਾ) ਜਿਲ੍ਹਾ ਪ੍ਰਸਾਸ਼ਨ ਵੱਲੋਂ ਵਿਸ਼ਵ ਕੈਂਸਰ ਦਿਵਸ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਬਲਕਲਾਂ,ਕੈਂਸਰ ਜਾਗਰੂਕਤਾ,ਸ਼ੁਰੂਆਤੀ ਖੋਜ ਅਤੇ ਮੁ.ਫਤ ਸਿਹਤ ਜਾਂਚ ਕੈਂਪ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਇਹ ਪਹਿਲ ਫਿੱਕੀ ਫਲੋਅ,ਵਰਲਡ ਕੈਂਸਰ ਕੇਅਰ ਚੈਰੀਟੇਬਲ ਸੋਸਾਇਟੀ,ਪੰਜਾਬ ਸਰਕਾਰ,ਨੈਸ਼ਨਲ ਰੂਰਲ ਹੈਲਥ ਮਿਸ਼ਨ, ♥29 ਕਾਰਡ ਪਹਿਲ ਅਤੇ ®“ “ ਟਰੱਸਟ ਦੇ ਸਹਿਯੋਗ ਨਾਲ ਕੀਤੀ ਗਈ ਤਾਂ ਜੋ ਸਮਾਜ ਨੂੰ ਜ਼ਰੂਰੀ ਸਿਹਤ ਸੇਵਾਵਾਂ ਪ੍ਰਦਾਨ ਕਰਦੇ ਹੋਏ ਕੈਂਸਰ ਦੀ ਰੋਕਥਾਮ ਅਤੇ ਸ਼ੁਰੂਆਤੀ ਖੋਜ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਈ ਜਾ ਸਕੇ।

ਇਸ ਮੌਕੇ ਵਿਸ਼ੇਸ਼ ਤੌਰ ਤੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਪੁੱਜੇ ਅਤੇ ਵਿਸ਼ਵ ਕੈਂਸਰ ਦਿਵਸ ਤੇ ਲੱਗੇ ਹੋਏ ਮੈਡੀਕਲ ਜਾਂਚ ਕੈਂਪ ਦਾ ਜਾਇਜਾ ਲਿਆ। ਉਨ੍ਹਾਂ ਕਿਹਾ ਕਿ ਫਿੱਕੀ ਫਲੋ ਵੱਲੋਂ ਇਹ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹੈ। ਡਿਪਟੀ ਕਮਿਸ਼ਨ ਨੇ ਦੱਸਿਆ ਕਿ ਇਸ ਕੈਂਪ ਦਾ ਮੁੱਖ ਮੁਕਸਦ ਲੋਕਾਂ ਦੀ ਮੈਡੀਕਲ ਜਾਂਚ ਕਰਕੇ ਕੈਂਸਰ ਦੇ ਸ਼ੁਰੂਆਤੀ ਲੱਛਣਾਂ ਨੂੰ ਮੌਕੇ ਤੇ ਉਸ ਦੀ ਰੋਕਥਾਮ ਕਰਨਾ ਹੈ। ਡਿਪਟੀ ਕਮਿਸ਼ਨਰ ਨੇ ਕੈਂਪ ਦੌਰਾਨ ਮਰੀਜ਼ਾਂ ਨਾਲ ਗੱਲਬਾਤ ਕੀਤੀ ਅਤੇ ਪਿੰਡਾਂ ਦੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਪੇਂਡੂ ਖੇਤਰਾਂ ਵਿੱਚ ਸਿਹਤ ਸਹੂਲਤਾਂ ਵਧਾਉਣ ਦੀ ਗੱਲ ਤੇ ਜੋਰ ਦਿੱਤਾ।

ਇਹ ਕੈਂਪ ਪ੍ਰਸਿੱਧ ਆਰਥੋਪੈਡਿਕ ਸਰਜਨ ਅਤੇ ਕੈਂਸਰ ਕਰੂਸੇਡਰ ਡਾ.ਹਰਦਾਸ ਸਿੰਘ ਸੰਧੂ ਦੀ ਯਾਦ ਵਿੱਚ ਲਗਾਇਆ ਗਿਆ ਸੀ ਜਿੰਨਾਂ ਨੇ ਕੈਂਸਰ ਨੂੰ ਖਤਮ ਕਰਨ ਲਈ ਆਪਣਾ ਯੋਗਦਾਨ ਪਾਇਆ।



ਇਸ ਸਮਾਗਮ ਵਿੱਚ 450 ਤੋਂ ਵੱਧ ਲਾਭਪਾਤਰੀਆਂ ਦੀ ਇੱਕ ਸ਼ਾਨਦਾਰ ਸ਼ਮੂਲੀਅਤ ਦੇਖਣ ਨੂੰ ਮਿਲੀ,ਜਿਨ੍ਹਾਂ ਨੇ ਮੁ.ਫਤ ਡਾਕਟਰੀ ਸੇਵਾਵਾਂ ਦਾ ਲਾਭ ਉਠਾਇਆ। ਇਸ ਕੈਂਪ ਵਿੱਚ ਕੈਂਸਰ ਜਾਗਰੂਕਤਾ ਅਤੇ ਸ਼ੁਰੂਆਤੀ ਖੋਜ ਸਹੂਲਤਾਂ,ਔਰਤਾਂ ਲਈ ਮੈਮੋਗ੍ਰਾਫੀ ਅਤੇ ਪੈਪ ਸਮੀਅਰ ਟੈਸਟ,ਬਲੱਡ ਸ਼ੂਗਰ ਅਤੇ ਬੀ.ਪੀ. ਚੈੱਕ-ਅੱਪ,ਡਾਕਟਰ ਸਲਾਹ-ਮਸ਼ਵਰਾ,ਮੁ.ਫਤ ਐਨਕਾਂ ਨਾਲ ਅੱਖਾਂ ਦੀ ਜਾਂਚ,ਅਨੀਮੀਆ ਅਤੇ ਕੁਪੋਸ਼ਣ ਸਕ੍ਰੀਨਿੰਗ,ਹੱਡੀਆਂ ਦੀ ਘਣਤਾ ਟੈਸਟ,ਮੁ.ਫਤ ਦਵਾਈ ਵੰਡ ਵੀ ਕੀਤੀ ਗਈ।

ਇਸ ਮੌਕੇ ਡਾ.ਸਿਮਰਪ੍ਰੀਤ ਸੰਧੂ ਵੱਲੋਂ ਭਾਈਵਾਲਾਂ ਜਿਵੇਂ ਕਿ ਬੀ.ਐਨ.ਆਈ.ਫਾਊਂਡੇਸ਼ਨ ਅਤੇ ਇਨਰ ਵ੍ਹੀਲ ਤੋਂ ਭਾਰੀ ਸਮਰਥਨ ਲਈ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਨੇ ਕੈਂਸਰ ਨਾਲ ਲੜਨ ਅਤੇ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨ ਵਿੱਚ ਸਮੂਹਿਕ ਯਤਨਾਂ ਦੀ ਮਹੱਤਤਾ ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਡਾ.ਹਰਦਾਸ ਹਸਪਤਾਲ, ਪ੍ਰੀਤ ਹਸਪਤਾਲ, ਕੇਅਰਵੈੱਲ ਹਸਪਤਾਲ ਅਤੇ ਕੇ ਮੈਕਸ ਅਮਰੀਕਨ ਸਮੇਤ ਮੈਡੀਕਲ ਭਾਈਵਾਲਾਂ ਦਾ ਵੀ ਧੰਨਵਾਦ ਵੀ ਕੀਤਾ।

ਉਨ੍ਹਾਂ ਦੱਸਿਆ ਕਿ ਫਿੱਕੀ ਫਲੋ ਲਗਾਤਾਰ ਜਨਤਕ ਸਿਹਤ ਵਿੱਚ ਯੋਗਦਾਨ ਪਾਇਆ ਹੈ ਅਤੇ ਪਛੜੇ ਭਾਈਚਾਰਿਆਂ ਤੱਕ ਜ਼ਰੂਰੀ ਸਿਹਤ ਸੰਭਾਲ ਸੇਵਾਵਾਂ ਪਹੁੰਚਾਉਣ ਵਿੱਚ ਮੋਹਰੀ ਹੈ।

ਇਸ ਮੌਕੇ ਸਿਵਲ ਸਰਜਨ ਅੰਮ੍ਰਿਤਸਰ ਡਾ.ਕਿਰਨਦੀਪ ਕੌਰ, ਡਾ.ਭਾਰਤੀ ਧਵਨ,ਅਮਰਦੀਪ ਸਿੰਘ ਵੀ ਹਾਜਰ ਸਨ।

# ਹਰਿਆਣੇ ਦੇ ਮੁੱਖ ਮੰਤਰੀ ਨਾਇਬ ਸੈਣੀ ਨੂੰ ਕਿਸਾਨਾਂ ਨੂੰ ਫਸਲਾਂ ਉਪਰ ਐਮ ਐਸ ਪੀ ਦੇਣ ਤੇ ਧੰਨਵਾਦ ਕੀਤਾ*



ਲੁਧਿਆਣਾ (ਸੁਖਚੈਨ ਮਹਿਰਾ) ਰੋਪੜ ਦੇ ਭਾਜਪਾ ਦੇ ਜਿਲ੍ਹਾ ਪ੍ਰਧਾਨ ਅਜੇਵੀਰ ਸਿੰਘ ਲਾਲਪੁਰਾ, ਪੰਜਾਬ ਭਾਜਪਾ ਦੇ ਮੀਡੀਆ ਪੇਨਲਿਸਟ ਗੁਰਦੀਪ ਸਿੰਘ ਗੋਸ਼ਾ, ਭਾਜਪਾ ਦੇ ਨੈਸ਼ਨਲ ਅਗਜੈਕਟਿਵ ਮੈਂਬਰ ਯਾਦਵਿੰਦਰ ਸਿੰਘ ਬੂਟਰ ਅਤੇ ਜੀ ਪੀ ਏ ਪਰਮਿੰਦਰ ਸਿੰਘ ਵਲੋ ਹਰਿਆਣੇ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੂੰ ਹਰਿਆਣੇ ਭਵਨ ਦਿੱਲੀ ਵਿਖੇ ਭੇਟ ਕੀਤੀ ਅਤੇ ਹਰਿਆਣੇ ਦੇ ਕਿਸਾਨਾਂ ਨੂੰ 24 ਫੈਸਲਾ ਤੇ ਐਮ ਐਸ ਪੀ ਦੇਣ ਤੇ ਧੰਨਵਾਦ ਕੀਤਾ ਅਤੇ ਓਹਨਾ ਨੂੰ ਫੁੱਲਾਂ ਦਾ ਗੁਲਦਸਤਾ ਦੇ ਕੇ ਸਨਮਾਨ ਕੀਤਾ ਪ੍ਰੈਸ ਨਾਲ ਗੱਲ ਬਾਤ ਕਰਦੇ ਗੁਰਦੀਪ ਸਿੰਘ ਗੋਸ਼ਾ ਨੇ ਕਿਹਾ ਭਾਜਪਾ ਦੀ ਜਿਥੇ ਵੀ ਡਬਲ ਇੰਜਨ ਵਾਲੀ ਸਰਕਾਰ ਬਣੀ ਹੈ ਉਸ ਸੂਬੇ ਦੀ ਨੁਹਾਰ ਬਦਲ ਗਈ ਹੈ ਅੱਜ ਹਰਿਆਣਾ ਸਾਡੇ ਪੰਜਾਬ ਨਾਲੋ ਜਿਆਦਾ ਤੱਰਕੀ ਅਤੇ ਖੁਸ਼ਹਾਲੀ ਵਾਲਾ ਸੂਬਾ ਬਣ ਗਿਆ ਹੈ ਸਾਡਾ ਪੰਜਾਬ ਅੱਜ ਪਿਛਲੀ ਕਤਾਰ ਵਿੱਚ ਪਹੁੰਚ ਗਿਆ ਹੈ ਪੰਜਾਬ ਦੀ ਆਮ ਆਦਮੀ ਪਾਰਟੀ ਵਾਲੀ ਭਗਵੰਤ ਮਾਨ ਦੀ ਸਰਕਾਰ ਇਸ ਦੀ ਜਿੰਮੇਵਾਰ ਹੈ ਹੁਣ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਚਾਹੀਦਾ ਹੈ ਓਹ ਵੀ ਹਰਿਆਣੇ ਦੀ ਭਾਜਪਾ ਸਰਕਾਰ ਵਾਂਗ ਕਿਸਾਨਾਂ ਦੇ ਹਿਤਾਂ ਲਈ ਆਪਣਾ ਵਾਅਦਾ 23 ਫਸਲਾ ਤੇ ਐਮ ਐਸ ਪੀ ਦੇਣ ਅਤੇ ਕਿਸਾਨਾਂ ਦੀ ਤਰੱਕੀ ਦੇ ਰਾਹ ਖੋਲਣ ਅਤੇ ਕੇਂਦਰ ਸਰਕਾਰ ਦੀਆਂ ਸਕੀਮਾਂ ਜਿਸ ਨਾਲ ਕਿਸਾਨਾਂ ਦਾ ਭਲਾ ਹੋਣਾ ਸੀ ਉਹ ਵੀ ਜਲਦ ਲਾਗੂ ਕਰਨ ਅਤੇ ਪੰਜਾਬ ਦੀ ਤੱਰਕੀ ਵਾਸਤੇ ਕੰਮ ਕਰਣ ਅੱਜ ਪੰਜਾਬ ਵਿੱਚ ਹਰ ਵਰਗ ਬਹੁਤ ਮਾੜੇ ਦੌਰ ਵਿੱਚੋ ਲੰਘ ਰਿਹਾ ਹੈ ਚਾਹੇ ਕਿਸਾਨ ਹੋਣ ਚਾਹੇ ਵਾਪਰੀ ਹੋਣ ਚਾਹੇ ਮਜ਼ਦੂਰ ਹੋਣ ਚਾਹੇ ਨੌਕਰੀ ਪੇਸ਼ਾ ਵਾਲੇ ਲੋਕ ਹੋਣ ਸੱਭ ਪੰਜਾਬ ਦੀ ਆਮ ਆਦਮੀ ਪਾਰਟੀ ਵਾਲੀ ਭਗਵੰਤ ਮਾਨ ਦੀ ਸਰਕਾਰ ਤੋਂ ਖ਼ਫ਼ਾ ਹਨ ।

# ਵੇਰਕਾ ਨੇ 25 ਰੁਪਏ ਵਿੱਚ ਰਬੜੀ ਅਤੇ ਦਹੀਂ ਦੀ ਪੈਕਿੰਗ ਕੀਤੀ ਲਾਂਚ

ਫ਼ਗਵਾੜਾ (ਸੁਸ਼ੀਲ ਸ਼ਰਮਾ) ਮਿਲਕ ਪਲਾਂਟ ਵੇਰਕਾ ਜੋ ਕਿ ਸਹਿਕਾਰੀ ਅਦਾਰਾ ਹੈ,ਨੇ ਆਪਣੇ ਭੋਗਤਾਵਾਂ ਦੀ ਮੰਗ ਉੱਤੇ 25 ਰੁਪਏ ਦੀ ਪੈਕਿੰਗ ਵਿੱਚ ਰਬੜੀ ਅਤੇ ਦਹੀਂ ਨੂੰ ਲਾਂਚ ਕੀਤਾ ਹੈ।

ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਨੇ ਵੇਰਕਾ ਦੇ ਇਹ ਦੋ ਨਵੇਂ ਉਤਪਾਦ ਲਾਂਚ ਕਰਦੇ ਹੋਏ ਕਿਹਾ ਕਿ ਸਾਡੇ ਲਈ ਇਹ ਬੜੀ ਖੁਸ਼ੀ ਦੀ ਗੱਲ ਹੈ ਕਿ ਸਹਿਕਾਰੀ ਅਦਾਰਾ ਵੇਰਕਾ ਗੁਣਵੱਤਾ ਭਰਪੂਰ ਦੁੱਧ ਅਤੇ ਦੁੱਧ ਪਦਾਰਥ ਸਾਡੇ ਲੋਕਾਂ ਨੂੰ ਨਿਰੰਤਰ ਸਪਲਾਈ ਕਰ ਰਿਹਾ ਹੈ⇩ ਉਨਾਂ ਕਿਹਾ ਕਿ ਮੈਨੂੰ ਇਹ ਦੋ ਨਵੇਂ ਉਤਪਾਦ ਮਾਰਕੀਟ ਵਿੱਚ ਉਤਾਰ ਕੇ ਇਸ ਗੱਲੋਂ ਵੀ ਸੰਤੁਸ਼ਟੀ ਹੈ ਕਿ 85 ਗ੍ਰਾਮ ਦੀ ਪੈਕਿੰਗ ਵਿੱਚ ਰਬੜੀ ਜਿਸ ਦੀ ਕੀਮਤ 25 ਰੁਪਏ ਹੈ ਅਤੇ 350 ਗ੍ਰਾਮ ਦਹੀਂ ਜਿਸ ਦੀ ਕੀਮਤ ਵੀ 25 ਰੁਪਏ ਰੱਖੀ ਗਈ ਹੈ,ਬਹੁਤ ਕਫਾਇਤੀ ਹੈ। ਉਹਨਾਂ ਨੇ ਵੇਰਕਾ ਨੂੰ ਇਹਨਾਂ ਦੋਵੇਂ ਨਵੇਂ ਉਤਪਾਦਾਂ ਨੂੰ ਮਾਰਕੀਟ ਵਿੱਚ ਉਤਾਰਨ ਲਈ ਵਧਾਈ ਦਿੱਤੀ।

ਇਸ ਮੌਕੇ ਮੈਨੇਜਰ ਸ.ਹਰਮਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਅੰਮ੍ਰਿਤਸਰ ਅਤੇ ਤਰਨ ਤਰਨ ਜਿਲਿਆਂ ਦੇ ਦੁੱਧ ਉਤਪਾਦਕ ਸਹਿਕਾਰੀ ਸਭਾਵਾਂ ਤੇ ਡੇਅਰੀ ਫਾਰਮ ਸਿੱਧੇ ਤੌਰ ਉੱਤੇ ਵੇਰਕਾ ਨਾਲ ਜੁੜੇ ਹੋਏ ਹਨ ਅਤੇ ਅਸੀਂ ਉਹਨਾਂ ਤੋਂ ਸਾਫ ਸੁਥਰਾ ਦੁੱਧ ਲੈ ਕੇ ਆਧੁਨਿਕ ਤਕਨੀਕਾਂ ਨਾਲ ਪ੍ਰੋਸੈਸ ਕਰਕੇ ਉਸ ਨੂੰ ਮਾਰਕੀਟ ਵਿੱਚ ਪੇਸ਼ ਕਰ ਰਹੇ ਹਾਂ। ਉਹਨਾਂ ਦੱਸਿਆ ਕਿ ਹਾਲ ਹੀ ਵਿੱਚ ਅਸੀਂ ਦੁੱਧ ਦੀਆਂ ਕੀਮਤਾਂ ਵਿੱਚ ਇਕ ਰੁਪਏ ਦੀ ਕਟੌਤੀ ਵੀ ਕੀਤੀ ਹੈ। ਸ.ਸੰਧੂ ਨੇ ਦੱਸਿਆ ਕਿ ਵੇਰਕਾ ਕੁਆਲਿਟੀ ਕੰਟਰੋਲ ਨਾਲ ਕੋਈ ਸਮਝੌਤਾ ਨਹੀਂ ਕਰਦਾ ਅਤੇ ਖਪਤਕਾਰਾਂ ਦੀ ਸਿਹਤ ਨੂੰ ਤਰਜੀਹ ਦਿੱਤੀ ਜਾਂਦੀ ਹੈ। ਉਹਨਾਂ ਦੱਸਿਆ ਕਿ ਅੱਜ ਡਿਪਟੀ ਕਮਿਸ਼ਨਰ ਵੱਲੋਂ ਜੋ ਦੋ ਨਵੇਂ ਉਤਪਾਦ ਲਾਂਚ ਕੀਤੇ ਗਏ ਹਨ ਉਹ ਕੱਲ ਨੂੰ ਮਾਰਕੀਟ ਵਿੱਚ ਉਤਾਰ ਦਿੱਤੇ ਜਾਣਗੇ। ਇਸ ਮੌਕੇ ਸਤਬੀਰ ਸਿੰਘ ਅਠਵਾਲ ਡਿਪਟੀ ਕਮਿਸ਼ਨਰ ਆਫ ਪੁਲਿਸ, ਸ.ਗੁਰਸਿਮਰਨ ਸਿੰਘ ਢਿੱਲੋ ਐਸ.ਡੀ.ਐਮ.ਅੰਮ੍ਰਿਤਸਰ, ਵਨੀਤ ਅਹਿਲਾਵਤ ਅਸਿਸਟੈਂਟ ਕਮਿਸ਼ਨਰ ਪੁਲਿਸ,ਪ੍ਰੀਤੋਸ਼ ਮਿਸ਼ਰਾ ਅਤੇ ਵੇਰਕਾ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ।



# ਮੁ.ਫਤ ਸਿਹਤ ਸਹੂਲਤਾਂ ਲੋਕਾਂ ਤਕ ਪੁੱਜਦਾ ਕਰਨਾ ਸਿਹਤ ਵਿਭਾਗ ਦਾ ਉਦੇਸ਼-ਡਾ.ਰਿਚਾ ਭਾਟੀਆ

ਫ਼ਗਵਾੜਾ (ਸੁਸ਼ੀਲ ਸ਼ਰਮਾ) ਸਰਕਾਰ ਵੱਲੋਂ ਜਨਤਾ ਨੂੰ ਬਹੁਤ ਸਾਰੀਆਂ ਮੁ.ਫਤ ਸਿਹਤ ਸਹੂਲਤਾਂ ਦਿੱਤੀਆਂ ਗਈਆਂ ਹਨ ਤੇ ਸਿਹਤ ਵਿਭਾਗ ਕਪੂਰਥਲਾ ਇਨ੍ਹਾਂ ਸਹੂਲਤਾਂ ਨੂੰ ਲੋਕਾਂ ਤਕ ਪੁੱਜਦਾ ਕਰਨ ਲਈ ਵਚਨਬਧ ਹੈ। ਇਹ ਸ਼ਬਦ ਸਿਵਲ ਸਰਜਨ ਕਪੂਰਥਲਾ ਡਾਕਟਰ ਰਿਚਾ ਭਾਟੀਆ ਨੇ ਵਰਤਮਾਨ ਸਮੇਂ ਵਿੱਚ ਸਿਹਤ ਵਿਭਾਗ ਵੱਲੋਂ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਦੇ ਸੰਬਧ ਚ ਪ੍ਰਗਟ ਕੀਤੇ। ਓਹਨਾਂ ਦਸਿਆ ਕਿ ਸਿਹਤ ਵਿਭਾਗ ਕਪੂਰਥਲਾ ਇਸ ਸਮੇਂ ਲੋਕਾਂ ਦੇ ਮੁ.ਫਤ ਇਲਾਜ,ਸਿਹਤ ਸਹੂਲਤਾਂ ਨੂੰ ਲੋਕਾਂ ਦੀਆਂ ਬੂਹਾਂ ਤਕ ਪਹੁੰਚਾਉਣ, ਪਹੁੰਚ ਤੋਂ ਦੂਰ ਵਾਲੇ ਲੋਕਾਂ ਤਕ ਸਿਹਤ ਸਹੂਲਤਾਂ ਪੁੱਜਦਾ ਕਰਨ,ਸਿਹਤ ਸਹੂਲਤਾਂ ਸੰਬਧੀ ਜਾਗਰੂਕਤਾ ਕਰਨ ਅਤੇ ਬੇਟੀ ਬਚਾਓ ਦਾ ਸੁਨੇਹਾ ਜਨ ਜਨ ਤਕ ਪਹੁੰਚਾਉਣ ਲਈ ਪੂਰੀ ਤਰ੍ਹਾਂ ਯਤਨਸ਼ੀਲ ਹੈ । ਜ਼ਿਕਰਯੋਗ ਹੈ ਕਿ ਜਿਲਾ ਪੱਧਰ ਤੇ ਸਿਵਲ ਹਸਪਤਾਲ ਵਿਖੇ ਮੁ.ਫਤ ਮੈਡੀਕਲ ਕੈਂਪ ਦਾ ਆਯੋਜਨ ਕੀਤਾ ਗਿਆ ਜਿੱਥੇ ਇਕ ਹੀ ਛੱਤ ਹੇਠਾਂ ਮੈਡੀਕਲ ਸਹੂਲਤਾਂ ਦੇ ਨਾਲ ਨਾਲ ਆਭਾ ਆਈ.ਡੀ., ਯੂ.ਡੀ.ਆਈ.ਡੀ.,ਆਯੁਸ਼ਮਾਨ ਕਾਰਡ ਬਣਾਉਣ ਦੀ ਸਹੂਲਤ ਰੱਖੀ ਗਈ।

ਸਿਵਲ ਸਰਜਨ ਨੇ ਇਹ ਵੀ ਦਸਿਆ ਕਿ ਇਸ ਸਮੇਂ ਜਿਲ੍ਹੇ ਵਿਚ 100 ਦਿਨਾਂ ਟੀ.ਬੀ. ਖ਼ਾਤਮਾ ਮੁਹਿੰਮ, ਜੇਲ ਦੇ ਕੈਦੀਆਂ ਦੀ ਹੈਪੇਟਾਇਟਸ ਸਕਰੀਨਿੰਗ,ਡੇਂਗੂ ਮਲੇਰੀਆ ਚਿਕੰਗੁਨਿਆ ਸੰਬਧੀ ਫੀਲਡ ਵਿੱਚ ਸੈਮੀਨਾਰ,ਅਨੀਮੀਆ ਮੁਕਤ ਭਾਰਤ ਅਭਿਆਨ ਤਹਿਤ ਵਿਦਿਆਰਥੀਆ ਦਾ ਮੁ.ਫਤ ਚੈੱਕਅਪ,ਸਟਾਫ਼ ਨੂੰ ਅਪਡੇਟ ਰੱਖਣ ਲਈ ਵੱਖ-ਵੱਖ ਪ੍ਰੋਗਰਾਮ ਅਧੀਨ ਟ੍ਰੇਨਿੰਗ ਤੇ ਆਨਲਾਈਨ ਪੋਰਟਲ ਦੀ ਜਾਣਕਾਰੀ ਆਦਿ ਗਤੀਵਿਧੀਆਂ ਤੇਜ਼ੀ ਨਾਲ ਚਲ ਰਹੀਆਂ ਹਨ। ਇਹੀ ਨਹੀਂ ਆਉਣ ਵਾਲੇ ਦਿਨਾਂ ਵਿਚ ਫਰੀ ਮੈਡੀਕਲ ਕੈਂਪ ਦਾ ਆਯੋਜਨ ਵਖ-ਵੱਖ ਬਲਾਕਾਂ ਵਿਚ ਵੀ ਕੀਤਾ ਜਾਏਗਾ। ਡਾ.ਰਿਚਾ ਭਾਟੀਆ ਨੇ ਕਿਹਾ ਕਿ ਓਹਨਾਂ ਦੀ ਹਰਸੰਭਵ ਕੋਸ਼ਿਸ਼ ਹੈ ਕਿ ਮਰੀਜ਼ਾਂ ਨੂੰ ਕਿੱਸੇ ਵੀ ਦਿੱਕਤ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਏ।



# STF ਨੇ ਕਾਨਪੁਰ ਚ ਬਿਹਾਰ ਚ ਗਊਆਂ ਦੀ ਤਸਕਰੀ ਕਰਨ ਵਾਲੇ ਗਊ ਤਸਕਰ ਨੂੰ ਕੀਤਾ ਇਨਾਮ

ਕਾਨਪੁਰ (ਸੁਨੀਲ ਬਾਜਪਾਈ ) ਯੂਪੀ ਐਸਟੀਐਫ ਗਊਆਂ ਦੀ ਤਸਕਰੀ ਕਰਨ ਵਾਲੇ ਬਦਮਾਸ਼ ਤਸਕਰਾਂ ਤੇ ਨਜ਼ਰ ਰੱਖ ਰਹੀ ਹੈ। ਉਸ ਨੇ ਇੱਕ ਬਹੁਤ ਹੀ ਇਨਾਮੀ ਅਪਰਾਧੀ ਗਊ ਤਸਕਰ ਨੂੰ ਗ੍ਰਿਫਤਾਰ ਕੀਤਾ ਹੈ ਜੋ ਜ਼ਿਆਦਾ ਮੰਗ ਕਾਰਨ ਬਿਹਾਰ ਨੂੰ ਗਊਆਂ ਦੀ ਤਸਕਰੀ ਕਰ ਰਿਹਾ ਸੀ।

ਐਸਟੀਐਫ ਦੀ ਕਾਨਪੁਰ ਯੂਨਿਟ ਨੇ ਉਸ ਨੂੰ ਇੱਥੋਂ ਦੇ ਅਰੌਲ ਥਾਣਾ ਖੇਤਰ ਤੋਂ ਗ੍ਰਿਫ਼ਤਾਰ ਕੀਤਾ ਹੈ। ਉਸ ਤੇ 50,000 ਰੁਪਏ ਦਾ ਇਨਾਮ ਵੀ ਐਲਾਨਿਆ ਗਿਆ ਸੀ।

ਸੂਤਰਾਂ ਨੇ ਦੱਸਿਆ ਕਿ ਇਸ ਅਵਾਰਾ ਪਸ਼ੂ ਤਸਕਰ ਦੀ ਸੂਚਨਾ ਐੱਸਟੀਪੀ ਕਾਨਪੁਰ ਯੂਨਿਟ ਦੇ ਇੰਚਾਰਜ ਸ਼ੈਲੇਂਦਰ ਸਿੰਘ ਨੂੰ ਮਿਲੀ ਸੀ। ਇਸ ਸਬੰਧੀ ਜਾਣਕਾਰੀ ਅਨੁਸਾਰ ਔਰਤ ਸਥਿਤ ਟੋਲ ਪਲਾਜ਼ਾ ਵੱਲ ਵਹਿਸ਼ੀ ਗਊ ਤਸਕਰ ਮੁਹੰਮਦ ਤਾਲਿਬ ਵਾਸੀ ਜੌਨਪੁਰ ਮੌਜੂਦ ਸੀ। ਐਸਟੀਐਫ ਨੂੰ ਇਹ ਵੀ ਸੂਚਨਾ ਮਿਲੀ ਸੀ ਕਿ ਉਹ ਦੁਬਾਰਾ ਵਾਰਦਾਤ ਨੂੰ ਅੰਜਾਮ ਦੇਣ ਜਾ ਰਿਹਾ ਹੈ।

ਜਾਣਕਾਰੀ ਅਨੁਸਾਰ ਇਸ ਸੂਚਨਾ ਦੇ ਆਧਾਰ ਤੇ ਐੱਸਆਈ ਰਾਹੁਲ ਪਰਮਾਰ ਦੀ ਅਗਵਾਈ ਚ ਹੈੱਡ ਕਾਂਸਟੇਬਲ ਪੁਸ਼ਪੇਂਦਰ ਸਿੰਘ ਸੋਲੰਕੀ, ਅਰਵਿੰਦ ਸਿੰਘ, ਦੇਵੇਸ਼ ਦਿਵੇਦੀ, ਅਸ਼ੋਕ ਰਾਜਪੂਤ, ਚੰਦਰਪ੍ਰਕਾਸ਼ ਸਿੰਘ ਅਤੇ ਕਾਂਸਟੇਬਲ ਸਤਿਅਮ ਯਾਦਵ ਦੀ ਟੀਮ ਨੂੰ ਉਸ ਦੇ ਟਿਕਾਣੇ ਤੇ ਭੇਜਿਆ ਗਿਆ। ਆਗਰਾ ਲਖਨਊ ਐਕਸਪ੍ਰੈਸਵੇਅ ਤੋਂ ਅਰੌਲ, ਟੋਲ ਪਲਾਜ਼ਾ ਦੇ ਨੇੜੇ ਮਿਲਿਆ। ਇਸ ਤੋਂ ਬਾਅਦ ਪ੍ਰਭਾਵੀ ਕਾਰਵਾਈ ਕੀਤੀ ਗਈ ਅਤੇ ਉਸ ਦੇ ਫਰਾਰ ਹੋਣ ਤੋਂ ਪਹਿਲਾਂ ਹੀ ਉਸ ਨੂੰ ਗ੍ਰਿਫਤਾਰ ਕਰ ਲਿਆ ਗਿਆ। ਰਾਜ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਇਸ ਅਸ਼ਲੀਲ ਗਊ ਤਸਕਰ ਖ਼ਿਲਾਫ਼ ਗੰਭੀਰ ਧਾਰਾਵਾਂ ਤਹਿਤ ਕਈ ਕੇਸ ਵੀ ਦਰਜ ਹਨ।

ਐਸਟੀਐਫ ਸੂਤਰਾਂ ਅਨੁਸਾਰ ਗ੍ਰਿਫ਼ਤਾਰ ਤਾਲਿਬ ਇੱਕ ਟਰੱਕ ਡਰਾਈਵਰ ਹੈ। ਇਸ ਕੰਮ ਦੀ ਆੜ ਵਿੱਚ ਉਹ ਪਸ਼ੂਆਂ ਦੀ ਤਸਕਰੀ ਕਰਦਾ ਹੈ। ਉਸ ਨੇ ਐਸਟੀਐਫ ਟੀਮ ਨੂੰ ਦੱਸਿਆ ਕਿ ਬਿਹਾਰ ਵਿੱਚ ਪਸ਼ੂਆਂ ਦੀ ਬਹੁਤ ਜ਼ਿਆਦਾ ਖਪਤ ਹੁੰਦੀ ਹੈ। ਇੱਥੋਂ ਤਸਕਰੀ ਕਰਨ ਤੋਂ ਬਾਅਦ ਉਹ



ਇਨ੍ਹਾਂ ਨੂੰ ਬਿਹਾਰ ਲੈ ਜਾਂਦਾ ਸੀ ਅਤੇ ਸਪਲਾਈ ਕਰਦਾ ਸੀ। ਇੰਨਾ ਹੀ ਨਹੀਂ ਉਸ ਨੇ ♥“6 ਟੀਮ ਨੂੰ ਆਪਣੇ ਨਾਲ ਕੰਮ ਕਰਨ ਵਾਲੇ ਦੋ-ਤਿੰਨ ਲੋਕਾਂ ਦੇ ਨਾਂ ਵੀ ਦੱਸੇ ਹਨ। ਇਸ ਤੋਂ ਬਾਅਦ ਉਸ ਦੇ ਫਰਾਰ ਸਾਥੀਆਂ ਦੀ ਭਾਲ ਵੀ ਸ਼ੁਰੂ ਕਰ ਦਿੱਤੀ ਗਈ ਹੈ।

# ਸਿਹਤ ਵਿਭਾਗ ਵੱਲੋਂ ਕੋਟਪਾ ਐਕਟ ਨੂੰ ਸਖਤੀ ਨਾਲ ਲਾਗੂ ਕਰਨ ਲਈ ਵਿਸ਼ੇਸ਼ ਟੀਮ ਰਵਾਨਾ



ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਵਲ ਸਰਜਨ ਅੰਮ੍ਰਿਤਸਰ ਡਾ.ਕਿਰਨਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਜਿਲਾ ਤੰਬਾਕੂ ਕੰਟਰੋਲ ਨੋਡਲ ਅਫਸਰ-ਕਮ-ਡੀ.ਡੀ.ਐਚ.ਓ.ਡਾ. ਜਗਜੋਤ ਕੌਰ ਦੀ ਅਗਵਾਈ ਹੇਠ ਕੋਟਪਾ ਐਕਟ ਨੂੰ ਸਖਤੀ ਨਾਲ ਲਾਗੂ ਕਰਨ ਲਈ ਅੱਜ ਦਫਤਰ ਸਿਵਲ ਵਿਖੇ ਤੋਂ ਇੱਕ ਵਿਸ਼ੇਸ਼ ਟੀਮ ਰਵਾਨਾ ਕੀਤੀ ਗਈ,ਜਿਸ ਵਿਚ ਜਿਲਾ ਐਮ.ਈ. ਆਈ.ਓ.ਅਮਰਦੀਪ ਸਿੰਘ, ਡਾ ਜਸਮੀਤ ਕੌਰ,ਐਸ.ਆਈ. ਪਰਮਜੀਤ ਸਿੰਘ ਰਜਿੰਦਰ ਸਿੰਘ,ਮੰਗਲ ਸਿੰਘ,ਰਜੇਸ਼ ਕੁਮਾਰ,ਦੀਪਕ ਕੁਮਾਰ,ਸੁਰਜੀਤ ਸਿੰਘ,ਰਸ਼ਪਾਲ ਸਿੰਘ, ਹਰਵਿੰਦਰ ਸਿੰਘ ਅਤੇ ਸਹਾਇਕ ਸਟਾਫ ਸ਼ਾਮਿਲ ਸਨ। ਇਸ ਟੀਮ ਵਲੋਂ ਮੌਕੇ ਤੇ ਕਾਰਵਾਈ ਕਰਦਿਆਂ ਹੋਇਆ ਸ਼ਹਿਰ ਦੇ ਵੱਖ-ਵੱਖ ਇਲਕਿਆਂ ਵਿਚ ਤੰਬਾਕੂ ਵਿਕਰੇਤਾਵਾਂ ਦੀ ਜਾਂਚ ਕੀਤੀ ਗਈ,ਜਿਸ ਦੌਰਾਨ ਰਣਜੀਤ ਐਵੀਨਿਓ ਅਤੇ ਐਮਕੇ ਹੋਟਲ ਦੇ ਸਾਹਮਣੇ ਦੇ ਇਲਾਕਿਆਂ ਵਿਚ 13 ਦੁਕਾਨਦਾਰਾਂ ਅਤੇ ਪਬਲਿਕ ਸਥਾਨਾਂ ਤੇ ਸਿਗਰਟ ਪੀਣ ਵਾਲੇ 6 ਲੋਕਾਂ ਦੇ ਮੌਕੇ ਤੇ ਚਲਾਣ ਕਟੇ ਗਏ।

ਇਸ ਮੌਕੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਨੋਡਲ ਅਫਸਰ ਐਨ. ਟੀ.ਸੀ. ਪੀ.ਡਾ.ਜਗਨਜੋਤ ਕੌਰ ਨੇ ਕਿਹਾ ਕਿ ਜਿਲੇ ਵਿਚ ਕੋਟਪਾ ਐਕਟ ਨੂੰ ਸਖਤੀ ਨਾਲ ਲਾਗੂ ਕੀਤਾ ਜਾਵੇਗਾ ਅਤੇ ਭਾਰਤ ਸਰਕਾਰ ਵਲੋਂ ਜਾਰੀ ਹੁਕਮਾਂ ਅਨੁਸਾਰ ਇਹ ਲਾਜਮੀਂ ਕੀਤਾ ਹੈ ਕਿ ਹਰੇਕ ਤੰਬਾਕੂ ਪ੍ਰੋਡਕਟ ਦੇ ਪੈਕਟ ਦੇ ਦੋਵੇਂ ਪਾਸੇ ਇਕ ਨਿਰਧਾਰਤ ਮਾਪਦੰਡ ਅਨੂਸਾਰ ਇਕ ਨਿਰਧਾਰਤ ਫੋਟੋ ਅਤੇ ਉਸ ਉਪੱਰ ਤੰਬਾਕੂ ਦਰਦਨਾਕ ਮੌਤ ਅਤੇ ਕੈਂਸਰ ਦਾ ਕਾਰਣ ਬਣਦਾ ਹੈ ਲਿਖਿਆ ਜਾਣਾਂ ਲਾਜਮੀਂ ਹੈ। ਇਸ ਲਈ ਬਿਨਾਂ ਉਪਰੋਕਤ ਮਾਪਦੰਡ ਦੇ ਤੰਬਾਕੂ ਵੇਚਣਾਂ ਕਾਨੂੰਨਣ ਅਪਰਾਧ ਹੈ। ਇਸ ਤੋਂ ਇਲਾਵਾ ਖੁੱਲੀ ਸਿਗਟਰ ਵੇਚਣਾਂ ਅਤੇ ਪਬਲਿਕ ਸਥਾਨਾਂ ਤੇ ਤੰਬਾਕੂ ਨੋਸ਼ੀ ਕਰਨਾਂ ਵੀ ਸਜਾ,ਜੁਰਮਾਨੇਂ ਯੋਗ ਅਪਰਾਧ ਹੈ।

# ਨਿਯਮਤ ਦਵਾਈ ਅਤੇ ਚੰਗੀ ਖ਼ੁਰਾਕ ਹੀ ਟੀ.ਬੀ. ਦੇ ਇਲਾਜ ਲਈ ਅਸਲ ਕੁੰਜੀ-ਡਾ.ਗੁਰਮੀਤ ਲਾਲ

ਫ਼ਗਵਾੜਾ (ਸੁਸ਼ੀਲ ਸ਼ਰਮਾ) ਸਿਹਤ ਵਿਭਾਗ ਜਲੰਧਰ ਟੀਬੀ ਦੇ ਖਾਤਮੇ ਲਈ 100 ਦਿਨਾਂ ਦੀ ਟੀਬੀ ਮੁਹਿੰਮ ਦੌਰਾਨ ਲਗਾਤਾਰ ਯਤਨਸ਼ੀਲ ਹੈ।ਇਸਦੇ ਮੱਦੇਨਜਰ ਸਿਵਲ ਸਰਜਨ ਡਾ. ਗੁਰਮੀਤ ਲਾਲ ਅਤੇ ਹੈਮਕੋ ਚੈਰੀਟੇਬਲ ਟ੍ਰਸਟ ਦੇ ਸ਼ਾਂਤ ਗੁਪਤਾ ਵੱਲੋਂ ਜਿਲ੍ਹਾ ਟੀ.ਬੀ.ਕੇਂਦਰ ਜਲੰਧਰ ਵਿਖੇ ਮੰਗਲਵਾਰ ਨੂੰ ਟੀ.ਬੀ.ਦੇ 100 ਮਰੀਜਾਂ ਨੂੰ ਨਿਊਟਰੀਸ਼ਨ ਕਿੱਟਾ ਵੰਡੀਆਂ ਗਈਆਂ। ਸਿਵਲ ਸਰਜਨ ਨੇ ਕਿਹਾ ਕਿ ਨਿਯਮਤ ਦਵਾਈ ਅਤੇ ਚੰਗੀ ਖ਼ੁਰਾਕ ਹੀ ਟੀ.ਬੀ.ਤੋਂ ਬਚਾਅ ਲਈ ਅਸਲ ਕੁੰਜੀ ਹੈ। ਸ਼ਰੀਰ ਦੀ ਰੋਗਾਂ ਨਾਲ ਲੜਨ ਦੀ ਸਮਰਥਾ ਨੂੰ ਵਧਾਉਣ ਲਈ ਪੋਸ਼ਟਿਕ ਖ਼ੁਰਾਕ,ਰੋਜਾਨਾ ਵਰਜਿਸ਼ ਤੇ ਸੈਰ ਜਰੂਰ ਕਰਨੀ ਚਾਹੀਦੀ ਹੈ। ਇਸਦੇ ਨਾਲ ਹੀ ਨਿਯਮਤ ਦਵਾਈ ਦਾ ਸੇਵਨ ਕਰਨਾ ਚਾਹੀਦਾ ਹੈ।

ਸਿਵਲ ਸਰਜਨ ਡਾ.ਗੁਰਮੀਤ ਲਾਲ ਨੇ ਮਰੀਜਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਟੀ.ਬੀ.ਦਾ ਰੋਗ ਇੱਕ ਵਿਅਕਤੀ ਤੋਂ ਦੂਜੇ ਵਿਅਕਤੀ ਤੱਕ ਫੈਲਦਾ ਹੈ,ਜੇਕਰ ਕਿਸੇ ਵਿਅਕਤੀ ਨੂੰ ਦੋ ਹਫਤਿਆਂ ਤੋਂ ਵੱਧ ਖੰਘ,ਸ਼ਾਮ ਸਮੇਂ ਹਲਕਾ ਬੁਖਾਰ,ਲਗਾਤਾਰ ਭਾਰ ਘੱਟਣਾ,ਥਕਾਵਟ ਅਤੇ ਭੁੱਖ ਘੱਟ ਲੱਗਣ ਦੀ ਸ਼ਿਕਾਇਤ ਹੋਵੇ ਤਾਂ ਨਜਦੀਕੀ ਸਰਕਾਰੀ ਸਿਹਤ ਸੰਸਥਾ ਵਿੱਚ ਜਾ ਕੇ ਤੁਰੰਤ ਜਾਂਚ ਕਰਵਾਉਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਟੀ.ਬੀ. ਲਾਇਲਾਜ ਨਹੀਂ ਹੈ, ਸਰਕਾਰ ਟੀ.ਬੀ. ਦੇ ਮਰੀਜਾਂ ਨੂੰ ਚੰਗੀ ਗੁਣਵੱਤਾ ਵਾਲੀਆਂ ਦਵਾਈਆਂ,ਜਾਂਚ ਸਹੂਲਤਾਂ ਪ੍ਰਦਾਨ ਕਰ ਰਹੀ ਹੈ ਜੋ ਕਿ ਪ੍ਰਭਾਵਸ਼ਾਲੀ ਅਤੇ ਮੁਫ਼ਤ ਹਨ।
ਸਿਵਲ ਸਰਜਨ ਵੱਲੋਂ ਟੀਬੀ ਮਰੀਜਾਂ ਨੂੰ ਨਿਊਟਰੀਸ਼ਨ ਕਿੱਟਾਂ ਦੇਣ ਲਈ ਹੈਮਕੋ



ਚੈਰੀਟੇਬਲ ਟ੍ਰਸਟ ਦੇ ਸ਼ਾਂਤ ਗੁਪਤਾ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਗਿਆ। ਉਨ੍ਹਾਂ ਨੇ ਹੋਰ ਸੰਸਥਾਵਾਂ ਨੂੰ ਵੀ 100 ਦਿਨਾਂ ਦੀ ਟੀਬੀ ਮੁਹਿੰਮ ਵਿੱਚ ਵੱਧ ਚੜ ਕੇ ਹਿੱਸਾ ਲੈਣ ਦੀ ਅਪੀਲ ਕੀਤੀ। ਇਸ ਮੌਕੇ ਉਨ੍ਹਾਂ ਨਾਲ ਜਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ.ਰਮਨ ਗੁਪਤਾ, ਜਿਲ੍ਹਾ ਟੀ.ਬੀ.ਅਫ਼ਸਰ ਡਾ.ਰੀਤੂ ਦਾਦਰਾ, ਡਾ.ਰਘੂ ਸੱਭਰਵਾਲ, ਜਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਗੁਰਦੀਪ ਸਿੰਘ,ਡਿਪਟੀ ਐਮ.ਈ.ਆਈ.ਓ.ਅਸੀਮ ਸ਼ਰਮਾ, ਜਿਲ੍ਹਾ ਬੀ.ਸੀ.ਸੀ.ਕੋਆਰਡੀਨੇਟਰ ਨੀਰਜ ਸ਼ਰਮਾ,ਰੈੱਡ ਕ੍ਰਾਸ ਸੋਸਾਇਟੀ ਦੇ ਮੈਂਬਰ ਅਤੇ ਸਮੂਹ ਐਨ.ਟੀ.ਈ.ਪੀ.ਸਟਾਫ ਮੌਜੂਦ ਸੀ।

# ਗੁਰੂ ਨਾਨਕ ਕਾਲਜ ਸੁਖਚੈਨਆਣਾ ਸਾਹਿਬ,ਫ਼ਗਵਾੜਾ ਵਿਖੇ ਵਿਦਿਆਰਥੀਆ ਨੂੰ ਕਿਤਾਬਾਂ ਵੰਡੀਆਂ



ਫ਼ਗਵਾੜਾ (ਸੁਸ਼ੀਲ ਸ਼ਰਮਾ )ਸਥਾਨਕ ਗੁਰੂ ਨਾਨਕ ਕਾਲਜ ਸੁਖਚੈਨਆਣਾ ਸਾਹਿਬ, ਫਗਵਾੜਾ ਵਿਖੇ ਕਈ ਸਾਲਾਂ ਤੋਂ ਚੱਲੀ ਆ ਰਹੀ ਪਰੰਪਰਾ ਅਨੁਸਾਰ ਕਾਲਜ ਦੇ ਕਾਮਰਸ ਅਤੇ ਬਿਜਨਸ ਮੈਨੇਜਮੈਂਟ ਵਿਭਾਗ ਵਲੋਂ 100 ਯੋਗ ਅਤੇ ਲੋੜਵੰਦ ਵਿਦਿਆਰਥੀਆ ਨੂੰ 2.50 ਲੱਖ ਦੀਆਂ ਕਿਤਾਬਾਂ ਵੰਡੀਆਂ ਗਈਆ। ਇਸ ਮੌਕੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ.ਜਤਿੰਦਰਪਾਲ ਸਿੰਘ ਪਲਾਹੀ ਜੀ ਨੇ ਜੀ ਨੇ ਕਾਮਰਸ ਵਿਭਾਗ ਦੇ ਇਸ ਲਗਾਤਾਰ ਚੱਲ ਰਹੇ ਉਪਰਾਲੇ ਦੀ ਸਲਾਘਾ ਕੀਤੀ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ.ਗੁਰਦੇਵ ਸਿੰਘ ਰੰਧਾਵਾ ਜੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਇਨ੍ਹਾਂ ਕਿਤਾਬਾਂ ਨੂੰ ਵੱਧ ਤੋਂ ਵੱਧ ਪੜ੍ਹ ਕੇ ਵਧੀਆ ਨੰਬਰ ਲੈਣ ਲਈ ਪ੍ਰੇਰਿਤ ਕੀਤਾ। ਇਨ੍ਹਾਂ ਕਿਤਾਬਾਂ ਦੀ ਵਰਤੋਂ ਕਰਕੇ ਕਾਲਜ ਦੇ ਵਿਦਿਆਰਥੀਆਂ ਜਸਮੀਤ ਸਿੰਘ,ਸੁਖਪ੍ਰੀਤ ਕੌਰ, ਜੈਸਿਕਾ,ਗੁਰਵਿੰਦਰ ਸਿੰਘ ਆਦਿ ਨੇ ਯੂਨੀਵਰਸਿਟੀ ਅਤੇ ਕਾਲਜ ਵਿੱਚ ਵਿਸੇਸ਼ ਸਥਾਨ ਹਾਸਿਲ ਕੀਤਾ। ਇਸ ਮੌਕੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਜਤਿੰਦਰਪਾਲ ਸਿੰਘ ਪਲਾਹੀ, ਕਾਲਜ ਪ੍ਰਿੰਸੀਪਲ ਡਾ.ਗੁਰਦੇਵ ਸਿੰਘ ਰੰਧਾਵਾ ਜੀ,ਡਾ. ਮਨਪ੍ਰੀਤ ਕੌਰ,ਪ੍ਰੋ.ਆਸ਼ਤੋਸ਼,ਪ੍ਰੋ.ਗੁਰਲੀਨ ਕੌਰ,ਪ੍ਰੋ.ਕਾਮਨੀ,ਪ੍ਰੋ.ਅਭਿਲਾਸ਼ਾ,ਪ੍ਰੋ. ਕਾਜਲ ਅਤੇ ਜਤਿੰਦਰ ਸਿੰਘ ਖਾਲਸਾ ਆਦਿ ਸ਼ਾਮਿਲ ਸਨ।

# ਜਲਦ ਪਹਿਚਾਨ ਨਾਲ ਹੀ ਕੈਂਸਰ ਦੇ ਗੰਭੀਰ ਰੂਪ ਤੋਂ ਬਚਾਅ ਸੰਭਵ-ਡਾ.ਅਨਾਮਿਕਾ

ਫ਼ਗਵਾੜਾ (ਸੁਸ਼ੀਲ ਸ਼ਰਮਾ) ਸਿਵਲ ਸਰਜਨ ਡਾ.ਗੁਰਮੀਤ ਲਾਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਵਿਸ਼ਵ ਕੈਂਸਰ ਦਿਵਸ ਮੌਕੇ ਸਿਹਤ ਵਿਭਾਗ ਜਲੰਧਰ ਵੱਲੋਂ ਡੀ.ਐਸ.ਐਸ.ਡੀ.ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਇੰਡਸਟ੍ਰੀਅਲ ਏਰੀਆ ਜਲੰਧਰ ਵਿਖੇ ਜਿਲ੍ਹਾ ਪੱਧਰੀ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਸੈਮੀਨਾਰ ਦੌਰਾਨ ਔਰਤਾਂ ਦੇ ਰੋਗਾਂ ਦੇ ਮਾਹਿਰ ਡਾ.ਅਨਾਮਿਕਾ ਨੇ ਕੈਂਸਰ ਸੰਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹਰ ਸਾਲ 4 ਫਰਵਰੀ ਨੂੰ ਕੈਂਸਰ ਦੇ ਵਿਰੁੱਧ ਲੜਨ ਲਈ ਵਿਸ਼ਵ ਪੱਧਰ ਤੇ ਲੋਕਾਂ ਨੂੰ ਇਕਜੁੱਟ ਕਰਨ ਲਈ ਇਹ ਦਿਨ ਮਨਾਇਆ ਜਾਂਦਾ ਹੈ,ਇਸਦਾ ਮੁੱਖ ਉਦੇਸ਼ ਕੈਂਸਰ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਹੈ। ਉਨ੍ਹਾਂ ਦੱਸਿਆ ਕਿ ਜੇਕਰ ਕੈਂਸਰ ਦੀ ਜਲਦ ਪਹਿਚਾਨ ਹੋ ਜਾਵੇ ਤਾਂ ਇਸਨੂੰ ਗੰਭੀਰ ਰੂਪ ਅਖਤਿਆਰ ਕਰਨ ਤੋਂ ਰੋਕਿਆ ਜਾ ਸਕਦਾ ਹੈ।



ਡਾ.ਅਨਾਮਿਕਾ ਨੇ ਵਿਦਿਆਰਥਣਾਂ ਨੂੰ ਬੱਚੇਦਾਨੀ ਦੇ ਮੂੰਹ ਦੇ ਕੈਂਸਰ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੰਭੋਗ ਤੋਂ ਬਾਅਦ ਖ਼ੂਨ, ਗੁਪਤ ਅੰਗ ਵਿੱਚ ਪੀਕ ਰਿਸਣਾ ਅਤੇ ਮਾਹਵਾਰੀ ਦੌਰਾਨ ਵਿਚ-ਵਚਾਲੇ ਜਿਆਦਾ ਖ਼ੂਨ ਪੈਣਾ ਬੱਚੇਦਾਨੀ ਦੇ ਮੂੰਹ ਦਾ ਕੈਂਸਰ ਹੋ ਸਕਦਾ ਹੈ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਔਰਤ ਦੀ ਛਾਤੀ ਵਿੱਚ ਗੰਢ, ਨਿੱਪਲਾਂ ਦਾ ਅੰਦਰ ਧੱਸਣਾ, ਨਿੱਪਲਾਂ ਵਿਚੋਂ ਖ਼ੂਨ ਜਾ ਮਵਾਦ ਵੱਗਣਾ ਛਾਤੀ ਦਾ ਕੈਂਸਰ ਹੋ ਸਕਦਾ ਹੈ ਅਤੇ ਹ ਵੀ ਦੱਸਿਆ ਕਿ ਮੂੰਹ, ਮਸੂੜੇ,ਤਲੁਏ ਜਾਂ ਜੀਭ ਤੇ ਨਾ ਠੀਕ ਹੋਣ ਵਾਲਾ ਜਖ਼ਮ ਕੈਂਸਰ ਹੋ ਸਕਦਾ ਹੈ,ਜਿਸਦੀ ਤੁਰੰਤ ਡਾਕਟਰੀ ਜਾਂਚ ਕਰਵਾਉਣਾ ਬਹੁਤ ਜਰੂਰੀ ਹੈ।
ਸੈਮੀਨਾਰ ਦੌਰਾਨ ਜਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਗੁਰਦੀਪ ਸਿੰਘ ਅਤੇ ਏ.ਐਮ.ਓ.ਡਾ.ਦੇਵ ਨੇ ਵੀ ਕੈਂਸਰ ਤੋ ਬਚਾਅ ਸੰਬੰਧੀ ਵਿਦਿਆਰਥਣਾਂ ਨੂੰ ਜਾਗਰੂਕ ਕੀਤਾ ਅਤੇ ਸਕੂਲ ਪ੍ਰਿੰਸਿਪਲ ਮੈਡਮ ਹਰਜੀਤ ਕੋਰ ਦਾ ਧੰਨਵਾਦ ਕੀਤਾ। ਸੈਮੀਨਾਰ ਦੇ ਅਖੀਰ ਵਿੱਚ ਸਕੂਲ ਕੋਆਰਡੀਨੇਟਰ ਮੈਡਮ ਏਕਤਾ ਅਰੋੜਾ ਵੱਲੋਂ ਸਿਹਤ ਵਿਭਾਗ ਦੀ ਟੀਮ ਦਾ ਸੈਮੀਨਾਰ ਲਈ ਧੰਨਵਾਦ ਕੀਤਾ ਗਿਆ। ਇਸ ਮੌਕੇ ਏ.ਐਮ.ਓ. ਡਾ.ਮੋਨਿਕਾ,ਫਾਰਮਾਸਿਸਟ ਕਾਮਨਾ,ਜਿਲ੍ਹਾ ਬੀਸੀਸੀ ਕੋਆਰਡੀਨੇਟਰ ਨੀਰਜ ਸ਼ਰਮਾ, ਸਕੂਲ ਸਟਾਫ ਮੈਡਮ ਨੀਤੀ,ਮੈਡਮ ਸੋਮਾ,ਮੈਡਮ ਸਵਿਤਾ ਵੀ ਮੌਜੂਦ ਸਨ।

